ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995824531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 15 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਰਕਾਰ ਵੱਲੋਂ ਭਾਰਤੀ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ- ਇੰਡੀਅਨ ਤੁਰੰਤ ਛੱਡਣ ਇਰਾਨ...

**ਨਵੀਂ ਦਿੱਲੀ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਈਰਾਨ ਵਿੱਚ ਪਿਛਲੇ ਦੋ ਹਫ਼ਤਿਆਂ ਤੋਂ ਚੱਲ ਰਹੀ ਹਿੰਸਾ ਅਤੇ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ, ਭਾਰਤੀ ਨਾਗਰਿਕਾਂ ਲਈ ਇੱਕ ਸਲਾਹ ਜਾਰੀ ਕੀਤੀ ਗਈ ਹੈ। ਈਰਾਨ ਵਿੱਚ ਬਦਲਦੀ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ, ਭਾਰਤ ਸਰਕਾਰ ਨੇ ਉੱਥੇ ਰਹਿਣ ਵਾਲੇ ਭਾਰਤੀ ਨਾਗਰਿਕਾਂ ਨੂੰ ਜਲਦੀ ਤੋਂ ਜਲਦੀ ਦੇਸ਼ ਛੱਡਣ ਦੀ ਸਲਾਹ ਦਿੱਤੀ ਹੈ। ਈਰਾਨ ਵਿੱਚ ਇਹ ਵਿਰੋਧ ਪ੍ਰਦਰਸ਼ਨ ਪਿਛਲੇ ਮਹੀਨੇ ਦੇ ਅੰਤ ਵਿੱਚ ਸ਼ੁਰੂ ਹੋਏ ਸਨ ਜਦੋਂ ਈਰਾਨੀ ਮੁਦਰਾ ਰਿਆਲ ਰਿਕਾਰਡ ਹੇਠਲੇ ਪੱਧਰ ’ਤੇ ਪਹੁੰਚ ਗਈ ਸੀ। ਇਸ ਤੋਂ ਬਾਅਦ, ਇਹ ਅੰਦੋਲਨ ਹੌਲੀ-ਹੌਲੀ ਦੇਸ਼ ਦੇ ਸਾਰੇ 31 ਪ੍ਰਾਂਤਾਂ ਵਿੱਚ ਫੈਲ ਗਿਆ। ਇਹ ਵਿਰੋਧ ਪ੍ਰਦਰਸ਼ਨ, ਜੋ ਸ਼ੁਰੂ ਵਿੱਚ ਆਰਥਿਕ ਮੁੱਦਿਆਂ ਨੂੰ ਲੈ ਕੇ ਸ਼ੁਰੂ ਹੋਏ ਸਨ, ਹੁਣ ਰਾਜਨੀਤਿਕ ਤਬਦੀਲੀ ਦੀ ਮੰਗ ਵਿੱਚ ਬਦਲ ਗਏ ਹਨ। ਵਿਦੇਸ਼ ਮੰਤਰਾਲੇ ਨੇ ਸਲਾਹ ਵਿੱਚ ਕਿਹਾ ਹੈ ਕਿ ਭਾਰਤੀ ਨਾਗਰਿਕਾਂ ਨੂੰ ਈਰਾਨ ਤੋਂ ਸੁਰੱਖਿਅਤ ਬਾਹਰ ਨਿਕਲਣ ਲਈ ਵਪਾਰਕ ਉਡਾਣਾਂ ਸਮੇਤ ਆਵਾਜਾਈ ਦੇ ਸਾਰੇ ਉਪਲਬਧ ਸਾਧਨਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਸਰਕਾਰ ਨੇ ਦੁਹਰਾਇਆ ਕਿ ਈਰਾਨ ਵਿੱਚ ਰਹਿਣ ਵਾਲੇ ਸਾਰੇ ਭਾਰਤੀ ਨਾਗਰਿਕਾਂ ਅਤੇ ਪੀਆਈਓਜ਼ ਨੂੰ ਪੂਰੀ ਚੌਕਸੀ ਵਰਤਣੀ ਚਾਹੀਦੀ ਹੈ। ਉਨ੍ਹਾਂ ਨੂੰ ਕਿਸੇ ਵੀ ਵਿਰੋਧ ਪ੍ਰਦਰਸ਼ਨ ਜਾਂ ਅਸ਼ਾਂਤੀ ਵਾਲੇ ਖੇਤਰਾਂ ਤੋਂ ਦੂਰ ਰਹਿਣ, ਸਥਾਨਕ ਵਿਕਾਸ ਦੀ ਨਿਗਰਾਨੀ ਕਰਨ ਅਤੇ ਈਰਾਨ ਵਿੱਚ ਭਾਰਤੀ ਦੂਤਾਵਾਸ ਨਾਲ ਨਿਯਮਤ ਸੰਪਰਕ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਹੈ।

## ਲੁਧਿਆਣਾ ਤੇ ਫਤਿਹਗੜ੍ਹ ਸਾਹਿਬ ਅਦਾਲਤਾਂ ਨੂੰ

# ਬੰਬ ਨਾਲ ਉਡਾਉਣ ਦੀ ਧਮਕੀ !

**ਲੁਧਿਆਣਾ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਜ਼ਿਲ੍ਹਾ ਅਦਾਲਤਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਹੁਣ ਲੁਧਿਆਣਾ ਅਤੇ ਫਤਿਹਗੜ੍ਹ ਸਾਹਿਬ ਵਿਖੇ ਅਦਾਲਤਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਸਾਹਮਣੇ ਆਈ ਹੈ, ਜਿਸ ਤੋਂ ਬਾਅਦ ਪੁਲਿਸ ਪ੍ਰਸ਼ਾਸਨ ਅਤੇ ਸੁਰੱਖਿਆ ਏਜੰਸੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਸੁਰੱਖਿਆ ਦੇ ਮੱਦੇਨਜ਼ਰ ਕੋਰਟ ਕੰਪਲੈਕਸਾਂ ਨੂੰ ਖਾਲੀ ਕਰਵਾਇਆ ਗਿਆ ਹੈ। ਪੁਲਿਸ ਵੱਲੋਂ ਕਿਸੇ ਨੂੰ ਵੀ ਕੰਪਲੈਕਸ ’ਚ ਨਾ ਜਾਣ ਲਈ ਕਿਹਾ ਗਿਆ ਹੈ। ਪੰਜਾਬ ’ਚ ਅਦਾਲਤਾਂ ਨੂੰ ਗਣਤੰਤਰ ਦਿਵਸ ਤੋਂ ਪਹਿਲਾਂ ਧਮਕੀਆਂ ਮਿਲਣ ਨਾਲ ਲੋਕਾਂ ’ਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ। ਲੁਧਿਆਣਾ ਦੀ ਕੋਰਟ ਦੇ ਵਿੱਚ ਪੁਲਿਸ ਨੇ ਐਂਟਰੀ ਬੰਦ ਕਰ ਦਿੱਤੀ ਹੈ। ਨਾਲ ਹੀ ਬਾਰ ਐਸੋਸੀਏਸ਼ਨ ਵੱਲੋਂ ਵੀ ਸਾਰੇ ਵਕੀਲ ਭਾਈਚਾਰੇ ਨੂੰ ਕੰਪਲੈਕਸ ਅੰਦਰ ਜਾਣ ਦੀ ਸਲਾਹ ਦਿੱਤੀ ਗਈ ਹੈ। ਲੁਧਿਆਣਾ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਿਪਿਨ ਸੱਗੜ ਨੇ ਕਿਹਾ ਕਿ ਸਵੇਰੇ 8:15 ਵਜੇ ਇੱਕ ਈਮੇਲ ਪ੍ਰਾਪਤ ਹੋਈ ਜਿਸ ਵਿੱਚ ਅਦਾਲਤ ਦੀ ਇਮਾਰਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਸੂਚਨਾ ਮਿਲਣ ਤੋਂ ਤੁਰੰਤ ਬਾਅਦ ਪੁਲਿਸ ਨੂੰ ਮੌਕੇ ’ਤੇ ਬੁਲਾਇਆ ਗਿਆ ਅਤੇ ਇੱਕ ਬੰਬ ਸਕੁਐਡ ਤਾਇਨਾਤ ਕੀਤਾ ਗਿਆ। ਉਧਰ, ਫਤਿਹਗੜ੍ਹ ਸਾਹਿਬ ਸਥਿਤ ਜ਼ਿਲ੍ਹਾ ਜੁਡੀਸ਼ੀਅਲ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਅਦਾਲਤ ਪ੍ਰਸ਼ਾਸਨ ਵੱਲੋਂ ਤੁਰੰਤ ਸਖ਼ਤ ਕਦਮ ਚੁੱਕੇ ਗਏ। ਸੁਰੱਖਿਆ ਕਾਰਨਾਂ ਕਰਕੇ ਜੁਡੀਸ਼ੀਅਲ ਕੰਪਲੈਕਸ ਦੀ ਦਾਖ਼ਲਾ ਅਸਥਾਈ ਤੌਰ ’ਤੇ ਬੰਦ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ, ਜ਼ਿਲ੍ਹਾ ਸੈਸ਼ਨ ਜੱਜ ਨੂੰ ਈਮੇਲ ਰਾਹੀਂ ਪ੍ਰਾਪਤ ਹੋਈ। ਇਸ ਧਮਕੀ ਤੋਂ ਬਾਅਦ ਕੋਟ ਕੰਪਲੈਕਸ ਫਤਿਹਗੜ੍ਹ ਸਾਹਿਬ ਨੂੰ ਸੁਰੱਖਿਆ ਕਾਰਨਾ ਕਰਕੇ ਬੰਦ ਕਰ ਦਿੱਤਾ ਗਿਆ। ਬਾਰ ਐਸੋਸੀਏਸ਼ਨ ਫਤਿਹਗੜ੍ਹ ਸਾਹਿਬ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਪੰਜਾਬ ਦੀ ਅਮਨ ਕਾਨੂੰਨ ਦੀ ਸਥਿਤੀ ਤੇ ਵੱਡੇ ਸਵਾਲ ਖੜੇ ਕੀਤੇ ਹਨ ਉਹਨਾਂ ਕਿਹਾ ਕਿ ਰੋਜਾਨਾ ਹੀ ਕਿਤੇ ਨਾ ਕਿਤੋਂ ਅਜਿਹੀਆਂ ਧਮਕੀਆਂ ਮਿਲ ਰਹੀਆਂ ਹਨ ਜਿਸ ਨਾਲ ਪੰਜਾਬ ਦਾ ਮਾਹੌਲ ਖਰਾਬ ਹੋ ਰਿਹਾ ਹੈ। ਪੰਜਾਬ ਵਿੱਚ ਦਿਨ ਦਿਹਾੜੇ ਕਤਲ ਗਰਦ ਹੋ ਰਹੀ ਹੈ। ਲੁੱਟਾਂ ਖੋਹਾਂ ਹੋਣ ਕਾਰਨ ਅੱਜ ਹਰੇਕ ਵਿਅਕਤੀ ਆਪਣੇ ਆਪ ਨੂੰ ਸੁਰੱਖਿਤ ਮਹਿਸੂਸ ਕਰ ਰਿਹਾ ਹੈ ਉਹਨਾਂ ਕਿਹਾ ਕਿ ਅੱਜ ਪੰਜਾਬ ਵਿੱਚ ਜੰਗਲ ਰਾਜ ਬਣਦਾ ਜਾ ਰਿਹਾ ਹੈ।



## ਸਕੂਲਾਂ ਨੂੰ ਮੁੜ ਆਉਣ ਲੱਗੀਆਂ ਬੰਬ ਦੀਆਂ ਧਮਕੀਆਂ

**ਚੰਡੀਗੜ੍ਹ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਪਿਛਲੇ ਕੁਝ ਦਿਨਾਂ ਤੋਂ ਅਦਾਲਤਾਂ ਤੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਜਾ ਰਹੀ ਹੈ। ਅੱਜ ਵੀ ਕਈ ਸਕੂਲਾਂ ਤੇ ਅਦਾਲਤਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ ਜਿਸ ਦੇ ਚੱਲਦੇ ਪੁਲਿਸ ਵੱਲੋਂ ਸਕੂਲਾਂ ਨੂੰ ਖਾਲੀ ਕਰਵਾਇਆ ਗਿਆ ਹੈ। ਦੱਸ ਦਈਏ ਕਿ ਪੰਜਾਬ ਭਰ ’ਚ ਸਰਦੀਆਂ ਛੁੱਟੀਆਂ ਮਗਰੋਂ ਪਹਿਲੀ ਵਾਰ ਸਕੂਲ ਲੱਗੇ ਹਨ। ਪਰ ਮੋਗਾ ਅਤੇ ਅੰਮ੍ਰਿਤਸਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਮੋਗਾ ਦੇ 2 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਅੰਮ੍ਰਿਤਸਰ ਦੇ ਜੰਡਿਆਲਾ ਗੁਰੂ ਦੇ ਪਿੰਡ ਮਿਹਰਬਾਨਪੁਰਾ ’ਚ ਵੀ ਸਰਕਾਰੀ ਸਕੂਲ ਨੂੰ ਧਮਕੀ ਦਿੱਤੀ ਗਈ ਹੈ। ਜਿਸ ਤੋਂ ਬਾਅਦ ਸਕੂਲਾਂ ਨੂੰ ਖਾਲੀ ਕਰਵਾ ਦਿੱਤਾ ਗਿਆ ਹੈ। ਫਿਲਹਾਲ ਪੁਲਿਸ ਅਤੇ ਬੰਬ ਸਕੁਐਡ ਦੀਆਂ ਟੀਮਾਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਨਾਲ ਹੀ ਮੌਕੇ ’ਤੇ ਪੁਲਿਸ ਦੇ ਆਲਾ ਅਧਿਕਾਰੀ ਪਹੁੰਚੇ ਹੋਏ ਹਨ।




## ਮਾਘੀ ਕਾਨਫਰੰਸ ਵਿਚ ਬੋਲੇ ਸੁਖਬੀਰ ਬਾਦਲ : ‘ਪੰਜਾਬ ਦਾ ਖਜ਼ਾਨਾ ਲੁੱਟ ਰਹੀ ਸੂਬਾ ਸਰਕਾਰ’

**ਸ੍ਰੀ ਮੁਕਤਸਰ ਸਾਹਿਬ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੁਕਤਸਰ ਵਿਖੇ ਮਾਘੀ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਵੱਡਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ‘ਆਪ’ ਪੰਜਾਬ ਵਿਚ ਸਿਰਫ਼ ਝੂਠ ਬੋਲ ਕੇ ਸੱਤਾ ਵਿਚ ਆਈ ਹੈ ਅਤੇ ਹੁਣ ਪੰਜਾਬੀਆਂ ਦੇ ਹੱਕਾਂ ਦਾ ਪੈਸਾ ਬਾਹਰਲੇ ਸੂਬਿਆਂ ਵਿਚ ਪ੍ਰਚਾਰ ਲਈ ਬਰਬਾਦ ਕੀਤਾ ਜਾ ਰਿਹਾ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਚੋਣਾਂ ਵੇਲੇ ਬੀਬੀਆਂ ਨੂੰ 1000 ਰੁਪਏ ਦੇਣ ਅਤੇ ਪੈਨਸ਼ਨ 2500 ਰੁਪਏ ਕਰਨ ਦੀਆਂ ਦਿੱਤੀਆਂ ਗਈਆਂ ਗਾਰੰਟੀਆਂ ਵੱਲ ਸਰਕਾਰ ਨੇ ਮੁੜ ਕੇ ਵੀ ਨਹੀਂ ਝਾਕਿਆ। ਉਨ੍ਹਾਂ ਦੋਸ਼ ਲਾਇਆ ਕਿ ਸਕੂਲਾਂ ਦੇ ਨਾਂ ’ਤੇ ਸਿਰਫ਼ ਰੰਗ-ਰੋਗਣ ਕੀਤਾ ਗਿਆ ਹੈ, ਜਦਕਿ ਸੂਬੇ ਵਿਚ ਇੱਕ ਵੀ ਨਵੀਂ ਸੜਕ ਜਾਂ ਹਸਪਤਾਲ ਨਹੀਂ ਬਣਾਇਆ ਗਿਆ। ਬਾਦਲ ਨੇ ‘ਆਪ’ ਦੀ ਤੁਲਨਾ ਅੰਗਰੇਜ਼ਾਂ ਅਤੇ ਮੁਗਲਾਂ ਨਾਲ ਕਰਦਿਆਂ ਕਿਹਾ ਕਿ ਜਿਵੇਂ ਉਹ ਦੇਸ਼ ਦਾ ਖਜ਼ਾਨਾ ਲੁੱਟਦੇ ਸਨ, ਉਸੇ ਤਰ੍ਹਾਂ ਹੁਣ ਕੇਜਰੀਵਾਲ ਦੀ ਪਾਰਟੀ ਪੰਜਾਬ ਨੂੰ ਲੁੱਟ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਚਾਰ ਸਾਲਾਂ ਵਿਚ ਇਸ਼ਤਿਹਾਰਾਂ ’ਤੇ ਸਾਢੇ ਚਾਰ ਹਜ਼ਾਰ ਕਰੋੜ ਰੁਪਏ ਖਰਚ ਦਿੱਤੇ ਗਏ ਹਨ, ਜਦਕਿ ਅਕਾਲੀ ਸਰਕਾਰ ਦੌਰਾਨ ਸਾਲਾਨਾ ਬਜਟ ਸਿਰਫ਼ 30 ਕਰੋੜ ਰੁਪਏ ਹੁੰਦਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਆਟਾ-ਦਾਲ ਲਈ ਤਰਸ ਰਹੀ ਹੈ ਅਤੇ ਸੜਕਾਂ ਟੁੱਟੀਆਂ ਪਈਆਂ ਹਨ ਪਰ ਸਰਕਾਰ ਦੂਜੇ ਸੂਬਿਆਂ ਵਿਚ ਪ੍ਰਚਾਰ ਕਰਨ ਵਿਚ ਮਸ਼ਰੂਫ ਹੈ। ਸੁਖਬੀਰ ਬਾਦਲ ਨੇ ਵੱਡਾ ਖੁਲਾਸਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਭਗਵੰਤ ਮਾਨ ਨਹੀਂ ਬਲਕਿ ਅਰਵਿੰਦ ਕੇਜਰੀਵਾਲ ਚਲਾ ਰਹੇ ਹਨ। ਇੱਥੋਂ ਤੱਕ ਕਿ ਪੰਜਾਬ ਦੇ ਅਫ਼ਸਰਾਂ ਦੀਆਂ ਬਦਲੀਆਂ ਵੀ ਦਿੱਲੀ ਤੋਂ ਹੀ ਹੁੰਦੀਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਕੇਜਰੀਵਾਲ ਪੰਜਾਬ ਸਰਕਾਰ ਦਾ ਸਰਕਾਰੀ ਜਹਾਜ਼ ਨਿੱਜੀ ਵਰਤੋਂ ਲਈ ਵਰਤ ਰਹੇ ਹਨ। ਇਸ ਤੋਂ ਇਲਾਵਾ ਕੇਜਰੀਵਾਲ ਲਈ ਮੋਹਾਲੀ ਵਿਚ 15-20 ਕਰੋੜ ਦੀ ਲਾਗਤ ਨਾਲ ਕੋਠੀ ਵੀ ਤਿਆਰ ਕਰਵਾਈ ਗਈ ਹੈ।

ਸੁਖਬੀਰ ਨੇ ਕਿਹਾ ਕਿ ‘ਆਪ’ ਦੀਆਂ ਰੈਲੀਆਂ ਵਿਚ ਭੀੜ ਜੁਟਾਉਣ ਲਈ 1600 ਤੋਂ ਵੱਧ ਸਰਕਾਰੀ ਬੱਸਾਂ, ਪਟਵਾਰੀਆਂ ਅਤੇ ਪੰਚਾਇਤ ਸੈਕਟਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀਆਂ ਰੈਲੀਆਂ ਦੇ ਤੰਬੂਆਂ ਅਤੇ ਲੰਗਰਾਂ ਦਾ ਖਰਚਾ ਵੀ ਸਰਕਾਰੀ ਖਜ਼ਾਨੇ ਵਿੱਚੋਂ ਦਿੱਤਾ ਜਾ ਰਿਹਾ ਹੈ ਅਤੇ ਟੈਂਟਾਂ ਦੇ ਠੇਕੇ ਵੀ ਦਿੱਲੀ ਦੀਆਂ ਕੰਪਨੀਆਂ ਨੂੰ ਦਿੱਤੇ ਗਏ ਹਨ। ਸੁਖਬੀਰ ਬਾਦਲ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ ਲੈਂਡ ਪੂਲਿੰਗ ਨੀਤੀ ਵਰਗੇ ਮੁੱਦਿਆਂ ’ਤੇ ਵੱਡੀ ਲੜਾਈ ਲੜੀ ਹੈ ਅਤੇ ਉਹ ਪੰਜਾਬ ਦੇ ਹਿੱਤਾਂ ਲਈ ਅੱਗੇ ਵੀ ਡਟੇ ਰਹਿਣਗੇ।




# ਪੰਜਾਬ ’ਚ ਤਾਪਮਾਨ 0°

**ਚੰਡੀਗੜ੍ਹ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਅਤੇ ਹਿਮਾਚਲ ਦੇ ਪਹਾੜੀ ਇਲਾਕਿਆਂ ਤੋਂ ਆ ਰਹੀਆਂ ਬਰਫ਼ੀਲੀਆਂ ਹਵਾਵਾਂ ਕਾਰਨ ਪੰਜਾਬ ਅਤੇ ਚੰਡੀਗੜ੍ਹ ਵਿੱਚ ਠੰਡ ਕਾਫ਼ੀ ਵੱਧ ਗਈ ਹੈ। ਮੰਗਲਵਾਰ ਨੂੰ ਇਸ ਮੌਸਮ ਦੌਰਾਨ ਪਹਿਲੀ ਵਾਰ ਨਵਾਂ ਸ਼ਹਿਰ ਵਿੱਚ ਜ਼ੀਰੋ ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਇਸਦੇ ਨਾਲ ਹੀ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ ਹੇਠਾਂ ਚਲੇ ਗਏ ਹਨ। ਜੰਮੂ-ਕਸ਼ਮੀਰ ਅਤੇ ਹਿਮਾਚਲ ਦੇ ਪਹਾੜੀ ਇਲਾਕਿਆਂ ਤੋਂ ਆ ਰਹੀਆਂ ਬਰਫ਼ੀਲੀਆਂ ਹਵਾਵਾਂ ਕਾਰਨ ਪੰਜਾਬ ਅਤੇ ਚੰਡੀਗੜ੍ਹ ਵਿੱਚ ਠੰਡ ਕਾਫ਼ੀ ਵੱਧ ਗਈ ਹੈ। ਮੰਗਲਵਾਰ ਨੂੰ ਇਸ ਮੌਸਮ ਦੌਰਾਨ ਪਹਿਲੀ ਵਾਰ ਨਵਾਂ ਸ਼ਹਿਰ ਵਿੱਚ ਜ਼ੀਰੋ ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਇਸਦੇ ਨਾਲ ਹੀ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ ਹੇਠਾਂ ਚਲੇ ਗਏ ਹਨ। ਘੱਟੋ-ਘੱਟ ਤਾਪਮਾਨ ਆਮ ਨਾਲੋਂ 2.5 ਡਿਗਰੀ ਅਤੇ ਵੱਧ ਤੋਂ ਵੱਧ ਤਾਪਮਾਨ 6.3 ਡਿਗਰੀ ਘੱਟ ਦਰਜ ਹੋ ਰਿਹਾ ਹੈ। ਅੱਜ ਯਾਨੀਕਿ 14 ਜਨਵਰੀ ਲਈ ਕੋਹਰੇ ਅਤੇ ਸ਼ੀਤ ਲਹਿਰ ਦਾ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ ਅਤੇ ਇਹ ਹਾਲਾਤ ਅੱਗੇ ਵੀ ਬਣੇ ਰਹਿਣ ਦੀ ਸੰਭਾਵਨਾ ਹੈ। 18 ਅਤੇ 19 ਜਨਵਰੀ ਨੂੰ ਕੁਝ ਥਾਵਾਂ ‘ਤੇ ਹਲਕੀ ਵਰਖਾ ਹੋਣ ਦੀ ਸੰਭਾਵਨਾ ਹੈ। ਘੱਟੋ-ਘੱਟ ਤਾਪਮਾਨ ਆਮ ਨਾਲੋਂ 2.5 ਡਿਗਰੀ ਅਤੇ ਵੱਧ ਤੋਂ ਵੱਧ ਤਾਪਮਾਨ 6.3 ਡਿਗਰੀ ਘੱਟ ਦਰਜ ਹੋ ਰਿਹਾ ਹੈ। ਅੱਜ ਯਾਨੀਕਿ 14 ਜਨਵਰੀ ਲਈ ਕੋਹਰੇ ਅਤੇ ਸ਼ੀਤ ਲਹਿਰ ਦਾ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ ਅਤੇ ਇਹ ਹਾਲਾਤ ਅੱਗੇ ਵੀ ਬਣੇ ਰਹਿਣ ਦੀ ਸੰਭਾਵਨਾ ਹੈ। 18 ਅਤੇ 19 ਜਨਵਰੀ ਨੂੰ ਕੁਝ ਥਾਵਾਂ ‘ਤੇ ਹਲਕੀ ਵਰਖਾ ਹੋਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਮੁਤਾਬਕ ਅੱਜ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਲੁਧਿਆਣਾ ਵਿੱਚ ਸੰਘਣੇ ਤੋਂ ਬਹੁਤ ਘਣੇ ਕੋਹਰੇ ਦੀ ਸੰਭਾਵਨਾ ਹੈ। ਇਸਦੇ ਨਾਲ ਹੀ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ ਅਤੇ ਬਠਿੰਡਾ ਵਿੱਚ ਸ਼ੀਤ ਲਹਿਰ ਤੋਂ ਗੰਭੀਰ ਸ਼ੀਤ ਲਹਿਰ ਚੱਲਣ ਦੀ ਸੰਭਾਵਨਾ ਜਤਾਈ ਗਈ ਹੈ।

ਮੌਸਮ ਵਿਭਾਗ ਮੁਤਾਬਕ ਅੱਜ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਲੁਧਿਆਣਾ ਵਿੱਚ ਸੰਘਣੇ ਤੋਂ ਬਹੁਤ ਘਣੇ ਕੋਹਰੇ ਦੀ ਸੰਭਾਵਨਾ ਹੈ। ਇਸਦੇ ਨਾਲ ਹੀ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ ਅਤੇ ਬਠਿੰਡਾ ਵਿੱਚ ਸ਼ੀਤ ਲਹਿਰ ਤੋਂ ਗੰਭੀਰ ਸ਼ੀਤ ਲਹਿਰ ਚੱਲਣ ਦੀ ਸੰਭਾਵਨਾ ਜਤਾਈ ਗਈ ਹੈ। ਹਾਲਾਂਕਿ ਮੰਗਲਵਾਰ ਨੂੰ ਅੰਮ੍ਰਿਤਸਰ ਵਿੱਚ ਵਿਜ਼ੀਬਿਲਟੀ ਜ਼ੀਰੋ, ਲੁਧਿਆਣਾ ਵਿੱਚ 20 ਮੀਟਰ, ਬਠਿੰਡਾ ਵਿੱਚ 500 ਮੀਟਰ, ਫ਼ਰੀਦਕੋਟ ਵਿੱਚ 50 ਮੀਟਰ ਅਤੇ ਪਟਿਆਲਾ ਵਿੱਚ 40 ਮੀਟਰ ਦਰਜ ਕੀਤੀ ਗਈ। ਲੁਧਿਆਣਾ ਅਤੇ ਪਟਿਆਲਾ ਵਿੱਚ ਕੋਲਡ-ਡੇ, ਜਦਕਿ ਗੁਰਦਾਸਪੁਰ ਵਿੱਚ ਘਣਾ ਕੋਹਰਾ ਦਰਜ ਕੀਤਾ ਗਿਆ। ਹਾਲਾਂਕਿ ਮੰਗਲਵਾਰ ਨੂੰ ਅੰਮ੍ਰਿਤਸਰ ਵਿੱਚ ਵਿਜ਼ੀਬਿਲਟੀ ਜ਼ੀਰੋ, ਲੁਧਿਆਣਾ ਵਿੱਚ 20 ਮੀਟਰ, ਬਠਿੰਡਾ ਵਿੱਚ 500 ਮੀਟਰ, ਫ਼ਰੀਦਕੋਟ ਵਿੱਚ 50 ਮੀਟਰ ਅਤੇ ਪਟਿਆਲਾ ਵਿੱਚ 40 ਮੀਟਰ ਦਰਜ ਕੀਤੀ ਗਈ। ਲੁਧਿਆਣਾ ਅਤੇ ਪਟਿਆਲਾ ਵਿੱਚ ਕੋਲਡ-ਡੇ, ਜਦਕਿ ਗੁਰਦਾਸਪੁਰ ਵਿੱਚ ਘਣਾ ਕੋਹਰਾ ਦਰਜ ਕੀਤਾ ਗਿਆ। ਹੱਡ ਕੰਬਾਅ ਦੇਣ ਵਾਲੀ ਭਿਆਨਕ ਸਰਦੀ ਕਾਰਨ ਲੋਕ ਨੂੰ ਬਾਹਰ ਕੰਮ ਉੱਤੇ ਜਾਣ ਲਈ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਲੋਕਾਂ ਨੇ ਆਪਣੇ ਆਪ ਨੂੰ ਗਰਮ ਕੱਪੜਿਆਂ ਨਾਲ ਪੂਰੀ ਤਰ੍ਹਾਂ ਕਵਰ ਕੀਤਾ ਹੋਇਆ ਹੈ, ਤਾਂ ਕਿ ਠੰਡ ਦੀ ਮਾਰ ਤੋਂ ਬਚਾਅ ਕੀਤਾ ਜਾ ਸਕੇ। ਹੱਡ ਕੰਬਾਅ ਦੇਣ ਵਾਲੀ ਭਿਆਨਕ ਸਰਦੀ ਕਾਰਨ ਲੋਕ ਨੂੰ ਬਾਹਰ ਕੰਮ ਉੱਤੇ ਜਾਣ ਲਈ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਨੇ ਆਪਣੇ ਆਪ ਨੂੰ ਗਰਮ ਕੱਪੜਿਆਂ ਨਾਲ ਪੂਰੀ ਤਰ੍ਹਾਂ ਕਵਰ ਕੀਤਾ ਹੋਇਆ ਹੈ, ਤਾਂ ਕਿ ਠੰਡ ਦੀ ਮਾਰ ਤੋਂ ਬਚਾਅ ਕੀਤਾ ਜਾ ਸਕੇ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ’ਚ ਤਾਇਨਾਤ ਮੌਸਮ ਵਿਭਾਗ ਦੀ ਮਾਹਿਰ ਡਾ. ਪਵਨੀਤ ਕੌਰ ਕਿੰਗਰਾ ਨੇ ਦੱਸਿਆ ਕਿ ਲੋਹੜੀ ਵਾਲੇ ਦਿਨ ਪਈ ਸਰਦੀ ਨੇ ਪਿਛਲੇ 56 ਸਾਲਾਂ ਦੇ ਰਿਕਾਰਡ ਤੋੜ ਦਿੱਤੇ।






## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
0784 102 9416
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ⋆ ਪ੍ਰੋਗਰਾਮ ⋆

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ

*********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ



ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ




ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ



ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ



### ⋆ ਗੁਰੂ ਪੰਥ ਦੇ ਸੇਵਾਦਾਰ ⋆

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ. : +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**





**ਭਾਈ ਕੰਵਰ ਸਿੰਘ ਧਾਮੀ ਦਾ ਅਕਾਲ ਚਲਾਣਾ ਕਰ ਜਾਣਾ**

# ਸੰਘਰਸ਼ ਲਈ ਵੱਡਾ ਘਾਟਾ : ਪੰਥਕ ਜਥੇਬੰਦੀਆਂ ਜਰਮਨੀ

**ਨਵੀਂ ਦਿੱਲੀ, 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਸਿੱਖਾਂ ਦੇ ਗਲੋਂ ਗੁਲਾਮੀ ਲਾਹੁਣ ਵਾਸਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ ਚ ਅਹਿਮ ਯੋਗਦਾਨ ਪਾਉਣ ਵਾਲੇ ਭਾਈ ਕੰਵਰ ਸਿੰਘ ਧਾਮੀ ਜੋ ਪਿਛਲੇ ਦਿਨੀ ਅਕਾਲ ਚਲਾਣਾ ਕਰ ਜਾਣ ਨਾਲ ਸੰਘਰਸ਼ ਲਈ ਨਾਂ ਪੂਰਾ ਹੋਣ ਵਾਲਾ ਘਾਟਾ ਹੈ। ਭਾਈ ਸਾਹਿਬ ਦਾ ਜੀਵਨ ਸੰਘਰਸਸ਼ੀਲ ਯੋਧਿਆਂ ਲਈ ਪ੍ਰੇਰਨਾ ਸਰੋਤ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਰਮਨੀ ਦੀਆਂ ਪੰਥਕ ਜਥੇਬੰਦੀਆਂ ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ,

ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖਾਲਸਾ ਜਰਮਨੀ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਭਾਈ ਹੀਰਾ ਸਿੰਘ ਮੱਤੇਵਾਲ, ਇੰਟਰਨੈਸਨਲ ਸਿੱਖ ਫੈਡਰੇਸ਼ਨ ਜਰਮਨੀ ਭਾਈ ਲਖਵਿੰਦਰ ਸਿੰਘ ਮੱਲ੍ਹੀ ਵੱਲੋਂ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਹਨਾਂ ਨੂੰ ਸਰਧਾ ਦੇ ਫੁੱਲ ਭੇਟ ਕਰਦਿਆਂ ਕੀਤਾ ਗਿਆ। ਭਾਈ ਧਾਮੀ ਨੇ ਸੰਘਰਸ਼ ਪ੍ਰਤੀ ਸੇਵਾਵਾਂ ਸ੍ਰੀ ਅਕਾਲ ਤਖ਼ਤ ਅਤੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਹੀ ਅਰੰਭ ਕੀਤੀਆਂ। ਆਪ ਦੀ ਪੰਥ ਪ੍ਰਤੀ ਸਮਰਪਣ ਦੀਆਂ ਘਟਨਾਵਾਂ ਅਨੇਕ ਹੀ ਹਨ। ਜਦੋਂ ਦਰਬਾਰ ਸਾਹਿਬ ਤੇ ਭਾਰਤ ਦੀ ਹੁਕਮਰਾਨ ਨੇ ਹਮਲਾ ਕੀਤਾ ਉਸ ਸਮੇਂ ਵੀ ਧਾਮੀ ਸਾਹਿਬ ਨੇ ਦਰਬਾਰ ਸਾਹਿਬ ਦੀ ਮਰਿਆਦਾ ਬਰਕਰਾਰ ਰੱਖਣ ਲਈ ਹਥਿਆਰਬੰਦ ਹੋ ਫੌਜ ਦਾ ਮੁਕਾਬਲਾ ਕੀਤਾ। ਅਕਾਲ ਫੈਡਰੇਸ਼ਨ ਵੀ ਸੰਤਾਂ ਦੇ ਹੁਕਮ ਨੂੰ ਮੰਨਦਿਆਂ ਅਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਗੁਰਦਿਆਲ ਸਿੰਘ ਜੀ ਅਜਨੋਹਾ ਦੇ ਹੁਕਮਾਂ ਦਾ ਸਦਕਾ ਹੀ ਹੋਂਦ ਚ ਲਿਆਂਦੀ ਸੀ। ਆਪ ਅਕਾਲ ਫੈਡਰੇਸ਼ਨ ਦੇ ਪਹਿਲੇ ਕਨਵੀਨਰ ਸਨ। ਭਾਈ ਧਾਮੀ ਜੀ ਸੰਤਾਂ ਦੇ ਨਜਦੀਕੀ ਅਤੇ ਬਹੁਤ ਹੀ ਵਿਸ਼ਵਾਸਪਾਤਰ ਜੱਥੇ ਚੋਂ ਇੱਕ ਸਨ ਜਿਸ ਜੱਥੇ ਚ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਜੀ ਸਨ। ਭਾਈ ਕੰਵਰ ਸਿੰਘ ਧਾਮੀ ਦੀ ਬਹਾਦਰੀ, ਸਮਰਪਣ ਦਾ ਇਸ ਘਟਨਾ ਤੋ ਸਹਿਜੇ ਹੀ ਲੱਗ ਜਾਂਦਾ ਜਿਸ ਸਮੇਂ ਭਾਈ ਧਾਮੀ ਨੂੰ ਉਹਨਾਂ ਦੀ ਧਰਮ ਸਪਤਨੀ ਅਤੇ ਛੋਟੇ ਬੱਚੇ ਨੂੰ ਪੰਜਾਬ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਤਾਂ ਉਨ੍ਹਾਂ ਉੱਪਰ ਗੈਰ ਮਨੁੱਖੀ ਤਸ਼ੱਦਦ ਕੀਤਾ ਗਿਆ ਅਤੇ ਪ੍ਰੈਸ ਸਾਹਮਣੇ ਆਪਣੀਆਂ ਗਤੀਵਿਧੀਆਂ ਦਾ ਮਾਫ਼ੀ ਨਾਮਾ ਕਬੂਲਣ ਲਈ ਕਿਹਾ। ਭਾਈ ਧਾਮੀ ਨੇ ਪ੍ਰੈਸ ਸਾਹਮਣੇ ਆਉਂਦਿਆਂ ਹੀ ਪਰਿਵਾਰ ਉੱਪਰ ਹੋ ਰਹੇ ਤਸ਼ੱਦਦ ਦੀ ਦਾਸਤਾਨ ਤਾਂ ਦੱਸੀ ਉੱਥੇ ਪੁਲਿਸ ਵੱਲੋਂ ਕੀਤੇ ਜਾ ਰਹੇ ਸਾਰੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦਾ ਪਰਦਾਫਾਸ਼ ਕਰਦਿਆਂ ਕੇਪੀਐਸ ਗਿੱਲ ਦੇ ਮੂੰਹ ਤੇ ਥੱਪੜ ਜੜ ਦਿੱਤਾ ਜੋ ਪ੍ਰੈਸ ਦੇ ਕੈਮਰਿਆਂ ਚ ਬੰਦ ਹੋ ਗਿਆ। ਇਸ ਘਟਨਾ ਨੇ ਜਿੱਥੇ ਜੁਝਾਰੂ ਸਿੰਘਾ ਦਾ ਕਰਦਾਰ ਉੱਚਾ ਕੀਤਾ ਉੱਥੇ ਪੰਜਾਬ ਚ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਦੀ ਬਾਤ ਸਮੁੱਚੇ ਸੰਸਾਰ ਚ ਪਹੁੰਚਾਈ। ਭਾਈ ਧਾਮੀ ਅਤੇ ਬੀਬੀ ਕੁਲਵੀਰ ਕੌਰ ਧਾਮੀ ਨੇ ਅਪਣੀ ਰਿਹਾਈ ਤੋ ਬਾਅਦ ਚੰਡੀਗੜ੍ਹ ਚ ਗੁਰੂ ਆਸਰਾ ਟਰਸਟ ਸਥਾਪਤ ਕੀਤਾ। ਜਿਸ ਵਿੱਚ ਸ਼ਹੀਦਾਂ ਅਤੇ ਬੇਸਹਾਰਾ ਅਨਾਥ ਬੱਚਿਆਂ ਨੂੰ ਗੁਰਮਤਿ ਦੀ ਵਿਦਿਆ ਦੇਣ ਦਾ ਸ਼ਲਾਘਾਯੋਗ ਕਾਰਜ ਸੁਰੂ ਕੀਤਾ ਜੋ ਅੱਜ ਵੀ ਨਿਰੰਤਰ ਸੇਵਾਵਾਂ ਦੇ ਰਹੇ ਹਨ। ਭਾਈ ਕੰਵਰ ਸਿੰਘ ਧਾਮੀ ਦੀਆਂ ਸੇਵਾਵਾਂ ਸਾਡੇ ਲਈ ਅਭੁੱਲ ਹਨ।



ਅਕਾਲ ਪੁਰਖ ਉਨਾਂ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਚ ਨਿਵਾਸ ਅਤੇ ਪਿੱਛੇ ਪਰਿਵਾਰ ਅਤੇ ਸੰਘਰਸਸ਼ੀਲ ਯੋਧਿਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

# ਡਾਕਟਰ ਕਾਜਲ ਜਿੰਦਲ ਨੂੰ ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਕੀਤਾ ਗਿਆ ਸਨਮਾਨਿਤ




**ਤਲਵੰਡੀ ਸਾਬੋ, 14 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਸ਼੍ਰੀਮਾਨ 108 ਸੰਤ ਬਾਬਾ ਨਰਾਇਣ ਮੁਨੀ ਜੀ ਦੀ 23ਵੀਂ ਬਰਸੀ ਮੌਕੇ ਡਾਕਟਰ ਕਾਜਲ ਜਿੰਦਲ ਪੁੱਤਰੀ ਰਾਮ ਜਿੰਦਲ ਪੱਤਰਕਾਰ ਨੂੰ ਚੜਦੀ ਕਲਾ ਵੈਲਫੇਅਰ ਕਲੱਬ ਵੱਲੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਕਲੱਬ ਪ੍ਰਧਾਨ ਜੱਗਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਡਾਕਟਰ ਕਾਜਲ ਜਿੰਦਲ ਸਮੇਂ-ਸਮੇਂ ’ਤੇ ਪਿੰਡ ਵਿੱਚ ਫਿਜਿਓਥਰੈਪੀ ਅਤੇ ਸਕਿਨ ਦੇ ਮੁਫਤ ਕੈਂਪ ਲਗਾ ਕੇ ਲੋਕਾਂ ਦੀ ਸੇਵਾ ਕਰਦੇ ਹਨ ਅਤੇ ਸਾਨੂੰ ਮਾਣ ਦੀ ਗੱਲ ਹੈ ਕਿ ਸਾਡੇ ਪਿੰਡ ਦੀ ਛੋਟੀ ਉਮਰ ਇੰਨੀ ਮਿਹਨਤ ਕਰਕੇ ਡਾਕਟਰ ਬਣੀ ਬੇਟੀ ਨੇ ਸਾਡੇ ਪਿੰਡ ਦਾ ਮਾਣ ਵਧਾਇਆ ਹੈ। ਡਾਕਟਰ ਕਾਜਲ ਜਿੰਦਲ ਨੇ ਕਿਹਾ ਕਿ ਮੈਂ ਪਿੰਡ ਵਿੱਚ ਮੁਫਤ ਕੈਂਪ ਲਗਾ ਕੇ ਸਮੇਂ-ਸਮੇਂ ’ਤੇ ਗਰੀਬਾਂ ਦੀ ਅੱਗੇ ਤੋਂ ਵੀ ਸੇਵਾ ਕਰਦੀ ਰਹਾਂਗੀ ਅਤੇ ਮੈਂ ਚੜ੍ਹਦੀਕਲਾ ਵੈਲਫੇਅਰ ਕਲੱਬ ਦਾ ਬਹੁਤ ਧੰਨਵਾਦ ਕਰਦੀ ਹਾਂ ਜਿਨਾਂ ਨੇ ਮੈਨੂੰ ਇਹ ਮਾਣ ਬਖਸ਼ਿਆ। ਇਸ ਮੌਕੇ ਜੱਗਾ ਸਿੰਘ ਪ੍ਰਧਾਨ, ਅਵਤਾਰ ਸਿੰਘ ਬਿੱਟੂ, ਬਲਵਿੰਦਰ ਸਿੰਘ ਬਿੰਦਰ, ਮਾਸਟਰ ਬਲਦੇਵ ਸਿੰਘ, ਬੇਅੰਤ ਸਿੰਘ ਮਿਸਤਰੀ, ਜੰਬਾ ਸਿੰਘ ਚੋਟੀਆਂ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ ਦੀ ਵਿਸ਼ੇਸ਼ ਅਦਾਲਤ ਅੰਦਰ

# ਸੁਣਵਾਈ ਹੋਈ ਆਰੰਭ ਅਤੇ ਪੂਰਾ ਮਹੀਨਾ ਚਲਣ ਦੀ ਉਮੀਦ



ਨਵੀਂ ਦਿੱਲੀ 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡੀਅਨ ਧਰਤੀ ’ਤੇ ਮਾਰੇ ਗਏ ਕੈਨੇਡੀਅਨ ਨਾਗਰਿਕ ਸ਼ਹੀਦ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਸਬੰਧ ਵਿੱਚ ਇੱਕ ਜੱਜ ਸਾਹਮਣੇ ਚਾਰ ਮੁਲਜ਼ਮਾਂ ਨੂੰ ਪੇਸ਼ ਕੀਤਾ ਗਿਆ ਇਸ ਮੌਕੇ ਸਿੱਖਸ ਫਾਰ ਜਸਟਿਸ ਦੇ ਖਾਲਿਸਤਾਨ ਪੱਖੀ ਕਾਰਕੁਨ ਬ੍ਰਿਟਿਸ਼ ਕੋਲੰਬੀਆ ਦੀ ਇੱਕ ਅਦਾਲਤ ਦੇ ਬਾਹਰ ਇਕੱਠੇ ਹੋਏ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਅਦਾਲਤ ਅੰਦਰ ਜਾਣ ਲਈ ਵਿਸ਼ੇਸ਼ ਤੌਰ ਦੇ ਸਖ਼ਤ ਤੌਰ ਤੇ ਦੂਹਰੀ ਸੁਰੱਖਿਆ ਪ੍ਰਣਾਲੀ ਬਣਾਈ ਗਈ ਹੈ ਅਤੇ ਅਦਾਲਤ ਅੰਦਰ ਭਾਈ ਨਿੱਝਰ ਮਾਮਲੇ ਦੀ ਸੁਣਵਾਈ ਲਈ ਇਕ ਵਿਸ਼ੇਸ਼ ਅਦਾਲਤ ਸਥਾਪਿਤ ਕੀਤੀ ਗਈ ਹੈ ਜਿਸ ਵਿਚ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਸੁਣਵਾਈ ਚਲ ਰਹੀ ਹੈ ਤੇ ਪੂਰੇ ਮਹੀਨੇ ਸੁਣਵਾਈ ਜਾਰੀ ਰਹਿਣ ਦੀ ਉੱਮੀਦ ਹੈ ਜਿਸ ਨਾਲ ਜਲਦ ਤੋਂ ਜਲਦ ਮਾਮਲੇ ਵਿਚ ਨਿਆਂ ਕੀਤਾ ਜਾ ਸਕੇ । ਇਸ ਮੌਕੇ ਖਾਲਿਸਤਾਨ ਦੇ ਝੰਡੇ ਲੈ ਕੇ, ਸ਼ਹੀਦ ਨਿੱਝਰ ਦੇ ਸਮਰਥਕਾਂ ਨੇ ਕੈਨੇਡੀਅਨ ਅਦਾਲਤਾਂ ਦੇ ਅੰਦਰ ਜੋ ਕੁਝ ਵਾਪਰ ਰਿਹਾ ਹੈ ਅਤੇ ਰਾਜਨੀਤਿਕ ਪੱਧਰ ’ਤੇ ਜੋ ਕੁਝ ਅਜੇ ਵੀ ਢਾਲਿਆ ਜਾ ਰਿਹਾ ਹੈ, ਉਸ ਵਿਚਕਾਰ ਇੱਕ ਤਿੱਖਾ ਅਤੇ ਜ਼ੋਰਦਾਰ ਅੰਤਰ ਦਿਖਾਇਆ। ਇਸ ਮੌਕੇ ਉਨ੍ਹਾਂ ਵਲੋਂ ਈਬੀ, ਖ਼ੂਨ ਨਾਲ ਵਪਾਰ ਬੰਦ ਕਰੋ, ਕਿੱਲ ਇੰਡੀਆ ਪੋਲੀਟੀਕਸ, ਨੋ ਐਨਡੀਪੀ ਵੋਟ ਬੀ.ਸੀ. ਵਰਗੇ ਨਾਹਰੇ ਲਗਾਏ ਗਏ । ਇਨ੍ਹਾਂ ਨਾਅਰਿਆਂ ਨੇ ਸਿੱਧੇ ਤੌਰ ’ਤੇ ਪ੍ਰੀਮੀਅਰ ਡੇਵਿਡ ਐਬੀ ਦੇ ਭਾਰਤ ਨਾਲ ਵਪਾਰਕ ਸਬੰਧਾਂ ਨੂੰ ਨਿਸ਼ਾਨਾ ਬਣਾਇਆ ਅਤੇ ਆਪਣਾ ਵਿਰੋਧ ਪ੍ਰਗਟ ਕੀਤਾ ਗਿਆ । ਇਸ ਮੌਕੇ ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਭਾਰਤ ਦੇ ਕਰਿੰਦਿਆਂ ’ਤੇ ਦੋਸ਼ ਲਗਾਏ ਜਾ ਰਹੇ ਹਨ, ਪਰ ਅਸਲ ਆਰਕੀਟੈਕਟ ਸੁਰੱਖਿਅਤ ਹਨ। ਪੰਨੂ ਨੇ ਮੋਦੀ, ਸ਼ਾਹ ਅਤੇ ਜੈਸ਼ੰਕਰ ਦੀ ਭਾਰਤੀ ਰਾਜਨੀਤਿਕ ਲੀਡਰਸ਼ਿਪ ’ਤੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਇਨ੍ਹਾਂ ਵਿਅਕਤੀਆਂ ਨੂੰ ਪ੍ਰਧਾਨ ਮੰਤਰੀ ਕਾਰਨੀ ਦੀ ਸਰਕਾਰ ਵੱਲੋਂ ਚੁੱਪ, ਅਕਿਰਿਆਸ਼ੀਲਤਾ ਅਤੇ ਭਾਰਤ ਨਾਲ ਚੱਲ ਰਹੇ ਰਾਜਨੀਤਿਕ ਅਤੇ ਆਰਥਿਕ ਸਬੰਧਾਂ ਰਾਹੀਂ ਬਚਾਇਆ ਜਾ ਰਿਹਾ ਹੈ। ਪੰਨੂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਤਲ ਦੇ ਪਿੱਛੇ ਰਾਜਨੀਤਿਕ ਕਮਾਂਡ ਢਾਂਚੇ ਦਾ ਸਾਹਮਣਾ ਕਰਨ ਤੋਂ ਇਨਕਾਰ ਕਰਦੇ ਹੋਏ ਕਥਿਤ ਕਾਰਕੁਨਾਂ ’ਤੇ ਮੁਕੱਦਮਾ ਚਲਾਉਣਾ ਚੋਣਵੇਂ ਨਿਆਂ ਦੇ ਬਰਾਬਰ ਹੈ ਅਤੇ ਬੁਨਿਆਦੀ ਤੌਰ ’ਤੇ ਕੈਨੇਡੀਅਨ ਪ੍ਰਭੂਸੱਤਾ ਨੂੰ ਕਮਜ਼ੋਰ ਕਰਦਾ ਹੈ। ਪੰਨੂੰ ਨੇ ਕਿਹਾ ਕਿ ਜਦੋਂ ਕਿ ਬ੍ਰਿਟਿਸ਼ ਕੋਲੰਬੀਆ ਵਿੱਚ ਅਦਾਲਤਾਂ ਨੂੰ ਕਾਨੂੰਨ ਦੇ ਰਾਜ ਨੂੰ ਬਰਕਰਾਰ ਰੱਖਣ ਲਈ ਕਿਹਾ ਜਾ ਰਿਹਾ ਹੈ, ਕੈਨੇਡੀਅਨ ਰਾਜਨੀਤਿਕ ਲੀਡਰਸ਼ਿਪ ਅੰਤਰਰਾਸ਼ਟਰੀ ਪੱਧਰ ’ਤੇ ਇਸਦੇ ਉਲਟ ਸੰਦੇਸ਼ ਭੇਜ ਰਹੀ ਹੈ ਕਿ ਇੱਕ ਕਤਲ ਕੀਤੇ ਗਏ ਕੈਨੇਡੀਅਨ ਨਾਗਰਿਕ ਲਈ ਨਿਆਂ ਨਾਲੋਂ ਵਪਾਰਕ ਸੌਦਿਆਂ ਅਤੇ ਕੂਟਨੀਤਕ ਹੱਥ ਮਿਲਾਉਣ ਨੂੰ ਤਰਜੀਹ ਦਿੱਤੀ ਜਾਂਦੀ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਜੈਗ ਸਿੱਧੂ, ਚਰਨਜੀਤ ਸਿੰਘ, ਅਜੈਪਾਲ ਸਿੰਘ, ਰਣਜੀਤ ਸਿੰਘ ਸਮੇਤ ਬਹੁਤ ਸਾਰੇ ਨੌਜੁਆਨ ਅਤੇ ਸੰਗਤਾਂ ਹਾਜਿਰ ਸਨ । ਇਸ ਮੌਕੇ ਟੀਮ ਨਿੱਝਰ ਵਲੋਂ ਸੰਗਤਾਂ ਨੂੰ ਉਚੇਚੇ ਤੌਰ ਤੇ ਅਪੀਲ ਕੀਤੀ ਗਈ ਕਿ ਅਦਾਲਤ ਅੰਦਰ ਚਲ ਰਹੀ ਲਗਾਤਾਰ ਸੁਣਵਾਈ ਮੌਕੇ ਅਦਾਲਤ ਦੇ ਬਾਹਰ ਸੰਗਤਾਂ ਵੱਧ ਤੋਂ ਵੱਧ ਗਿਣਤੀ ਵਿਚ ਹਾਜ਼ਰੀਆਂ ਲਗਵਾਣ ਜਿਸ ਨਾਲ ਭਾਈ ਨਿੱਝਰ ਨੂੰ ਇਨਸਾਫ਼ ਦਿਵਾਉਣ ਲਈ ਚਲ ਰਹੀ ਕਾਰਵਾਈ ਉਪਰ ਬਾਜ਼ ਨਜ਼ਰ ਰਖੀ ਜਾ ਸਕੇ ।

**ਭਾਈ ਨਿੱਝਰ ਦੇ ਸਮਰਥਕਾਂ ਨੇ ਕਾਰਨੀ ਸਰਕਾਰ ਉਪਰ ਦੋਸ਼ੀਆਂ ਨੂੰ ਬਚਾਉਣ ਦੇ ਲਗਾਏ ਦੋਸ਼**

# ਚਰਨਜੀਤ ਸਿੰਘ ਬਰਾੜ ਵੱਲੋਂ ਅਸਤੀ.ਫਾ

ਅੱਜ ਸ. ਚਰਨਜੀਤ ਸਿੰਘ ਬਰਾੜ ਵੱਲੋਂ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਗਿਆ ਹੈ। ਉਨ੍ਹਾਂ ਦੇ ਅਸਤੀਫ਼ੇ ਦੀ ਇੰਨ-ਬਿੰਨ ਕਾਪੀ ਅਸੀਂ ਆਪਣੇ ਪਾਠਕਾਂ ਲਈ ਪ੍ਰਕਾਸ਼ਤ ਕਰ ਰਹੇ ਹਾਂ :

-----------------------------------------

ਸਤਿਕਾਰਯੋਗ, ਸਟੇਟ ਡੈਲੀਗੇਟ ਸਹਿਬਾਨ ਅਤੇ ਭਰਤੀ ਕਰਤਾ ਸਰਕਲ ਡੈਲੀਗੇਟ ਸਹਿਬਾਨ ਜੀਉ!

ਸਤਿ ਸ੍ਰੀ ਅਕਾਲ ਜੀਉ!

ਵਿਸ਼ਾ:- ਬੜੇ ਹੀ ਭਰੇ ਮਨ ਨਾਲ ਪਾਰਟੀ ਦੇ ਜਨਰਲ ਸਕੱਤਰ, ਮੁੱਖ ਬਲਾਰਾ ਸਮੇਤ ਪਾਰਟੀ ਦੀ ਮੁੱਢਲੀ ਮੈਬਰਸਿੱਪ ਤੋਂ ਅਸਤੀਫਾ ਦੇਣ ਸਬੰਧੀ।

ਸਤਿਕਾਰਯੋਗ ਭਰਤੀ ਕਰਤਾ ਡੈਲੀਗੇਟ ਸਹਿਬਾਨ ਅਤੇ ਹਰੇਕ ਵਰਕਰ ਤੋਂ ਮੁਆਫੀ ਚਾਹੁੰਦਾ ਹੋਇਆ ਬੜੇ ਹੀ ਭਰੇ ਮਨ ਨਾਲ ਸ਼੍ਰੋਮਣੀ ਅਕਾਲੀ ਦਲ ਪੁੱਨਰ ਸੁਰਜੀਤ ਦੇ ਸਾਰੇ ਅਹੁੱਦਿਆਂ ਅਤੇ ਮੁੱਢਲੀ ਮੈਬਰਸਿੱਪ ਤੋ ਅਸਤੀਫਾ ਦੇ ਰਿਹਾਂ ਹਾਂ। ਭਾਵੇਕਿ ਆਪਣੇ ਹੱਥੀ ਮਕਾਨ ਬਣਾ ਕੇ ਛੱਡਣਾਂ ਬਹੁੱਤ ਆਉਖਾ ਹੁੰਦਾ ਹੈ ਪਰ ਹਾਲਾਤ ਹੀ ਅਜਿਹੇ ਬਣ ਗਏ ਹਨ ਕਿ ਕੋਈ ਚਾਰਾ ਨਹੀ ਬਚਿਆ। ਮੈਨੂੰ ਇਸ ਗੱਲ ਦਾ ਗਹਿਰਾ ਅਹਿਸਾਸ ਹੈ ਕਿ ਪੰਜ ਮੈਬਰੀ ਭਰਤੀ ਕਮੇਟੀ ਰਾਹੀ ਕਰਵਾਈ ਗਈ ਭਰਤੀ ਲਈ ਮੈ ਬਹੁੱਤ ਹੀ ਉਤਸਾਹਿਤ ਤਰੀਕੇ ਨਾਲ ਦਿੱਨ ਰਾਤ ਮਿਹਨਤ ਕਰਕੇ ਤੁਹਾਡੇ ਵਿੱਚੋ ਬਹੁੱਤ ਸਾਰਿਆਂ ਨੂੰ ਵਾਸਤਾ ਪਾ ਕੇ ਵੀ ਭਰਤੀ ਕਰਵਾਈ ਸੀ ਤੇ ਖਾਸ ਕਰ ਮਾਲਵੇ ਵਿੱਚ ਬਾਦਲ ਪਰਿਵਾਰ ਦਾ ਆਪਣਾਂ ਨਿੱਜੀ ਦਬਾਅ ਹੋਣ ਦੇ ਬਾਵਜੂਦ ਵੀ ਮਾਲਵੇ ਸਮੇਤ ਸਾਰੇ ਹੀ ਪੰਜਾਬ ਅਤੇ ਪੰਜਾਬ ਤੋ ਬਾਹਰ ਵੀ ਭਰਤੀ ਕਰਕੇ ਡੈਲੀਗੇਟ ਸਹਿਬਾਨ ਦੀ ਚੋਣ ਕਰਵਾਈ। ਜਿਸ ਨਾਲ ਸਭ ਨੂੰ ਆਸ ਬੱਝੀ ਕਿ ਪੰਥ ਤੇ ਪੰਜਾਬ ਪਰਸਤ ਨਵੀ ਨਰੋਈ ਲੀਡਰਸਿੱਪ ਚੁਣ ਕੇ ਪਾਰਟੀ ਦੀ ਪੁਨਰ ਸੁਰਜੀਤੀ ਹੋਵੇਗੀ। ਪਰ ਬੜੇ ਭਰੇ ਮਨ ਨਾਲ ਕਹਿਣਾ ਪੈ ਰਿਹਾ ਹੈ ਕਿ ਜਿਸ ਤਰਾਂ ਸ਼੍ਰੋਮਣੀ ਅਕਾਲੀ ਦਲ ਵੱਲੋ ਸਿਧਾਂਤਕ ਤੌਰ ਤੇ ਬੜੀਆਂ ਵੱਡੀਆਂ ਕੁਤਾਹੀਆਂ ਕੀਤੀਆਂ ਸਨ, ਜਿਸ ਕਰਕੇ ਮੇਰੇ ਪਰਿਵਾਰ ਦੀ ਮੁੱਢ ਤੋ ਹੀ ਬਾਦਲ ਪਰਿਵਾਰ ਨਾਲ ਸਿਆਸੀ ਤੋ ਬਣੀ ਪਰਿਵਾਰਕ ਸਾਂਝ ਨੂੰ ਵੀ ਛੱਡਿਆ ਸੀ। ਭਾਵੇ ਪਾਰਟੀ ਪ੍ਰਧਾਨ ਨਾਲ ਸਿਧਾਤਕ ਵਿਚਾਰਾਂ ਦੇ ਵਖਰੇਵਿਆਂ ਦੇ ਬਾਵਜੂਦ ਉਥੇ ਜਾਤੀ ਤੌਰ ਤੇ ਇਜਤ ਮਾਣ ਵਿੱਚ ਕੋਈ ਕਮੀ ਨਹੀ ਸੀ। ਪਰ ਸਿਧਾਤਕ ਤੌਰ ਤੇ ਆਈਆਂ ਵੱਡੀਆਂ ਉਣਤਾਈਆਂ ਕਰਕੇ ਸਾਰਾ ਕੁਝ ਖੁੱਦ ਛੱਡ ਕੇ ਸੁਧਾਰ ਵੱਲ ਨੂੰ ਹੋ ਤੁਰਿਆ ਸੀ। ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਅੱਜ ਨਵੀ ਪਾਰਟੀ ਦੀ ਪੁੱਨਰ ਸੁਰਜੀਤੀ ਵਿੱਚ ਵੀ ਸਿਧਾਤਾਂ ਤੇ ਪਹਿਰਾ ਨਹੀ ਦਿੱਤਾ ਜਾ ਰਿਹਾ ਹੈ। ਇੱਥੋ ਤੱਕ ਕਿ ਮਿੱਤੀ 11 ਅਗਸਤ ਨੂੰ ਪਾਰਟੀ ਪ੍ਰਧਾਨ ਦੀ ਚੋਣ ਤੋ ਬਾਅਦ ਪੰਜ ਮਹੀਨੇ ਵਿੱਚ ਕਿਸੇ ਵੀ ਲੋਕ ਮੁੱਦਿਆਂ ਲਈ ਧਰਤੀ ਤੇ ਕਿਤੇ ਵੀ ਲੜਦੇ ਨਜਰ ਨਹੀ ਆਏ ਅਤੇ ਨਾ ਹੀ ਪਾਰਟੀ ਨੂੰ ਕੋਈ ਵੀ ਠੋਸ ਪਰੋਗਰਾਮ ਦਿੱਤਾ ਗਿਆ। ਜਿਸ ਕਰਕੇ ਭਰਤੀ ਕਰਨ ਵਾਲੇ ਹਰੇਕ ਵਰਕਰ ਦਾ ਮਨੋਬਲ ਲਗਭਗ ਟੁਟ ਚੁੱਕਿਆ ਹੈ।



ਸੋ ਮੈਂ ਕਿਸੇ ਦੀ ਨੁਕਤਾਚੀਨੀ ਕਰਨ ਦੀ ਬਜਾਏ ਗੁਰੂ ਸਾਹਿਬ ਦੀ ਬਾਣੀ ਵਿੱਚੋ ਪੰਕਤੀ ਰਾਹੀ ਆਪਣਾ ਵਿਚਾਰ ਵਿਆਕਤ ਕਰਦਾਂ ਹਾਂ ਕਿ

“ਹਮ ਨਹੀ ਚੰਗੇ ਬੁਰਾ ਨਹੀ ਕੋਇ”

ਆਸ ਕਰਦਾਂ ਹਾਂ ਕਿ ਪੁਨਰ ਸੁਰਜੀਤੀ ਲਈ ਸੁਧਾਰ ਦੇ ਰਸਤੇ ਤੋ ਭੜਕੀ ਹੋਈ ਲੀਡਰਸਿੱਪ ਹਾਲੇ ਵੀ ਆਪਣੇ ਆਪ ਨੂੰ ਦਰੁੱਸਤ ਕਰ ਲੈਣ ਤਾਂ ਪਾਰਟੀ ਚ ਸੁਧਾਰ ਹੋ ਸਕਦਾ ਹੈ ਤੇ ਪਾਰਟੀ ਕਾਮਯਾਬ ਹੋਵੇ ਮੇਰੀਆਂ ਪਾਰਟੀ ਲਈ ਇਹੀ ਸੁਭਕਾਮਨਾਵਾਂ ਹਨ। ਮੈ ਇਹ ਵੀ ਉਮੀਦ ਕਰਦਾਂ ਕਿ ਮੇਰੇ ਨਾਲ ਕਿਸੇ ਤਰਾਂ ਦੀ ਬਿਆਨ ਬਾਜੀ ਚ ਨਹੀ ਪੈਣਗੇ ਕਿਉਕਿ ਮੇਰੇ ਵੱਲੋਂ ਜਵਾਬ ਦੇਣ ਨਾਲ ਇਸ ਧੜੇ ਦਾ ਵੱਡਾ ਨੁਕਸਾਨ ਹੋਵੇਗਾ। ਮੇਰੇ ਦੁਆਰਾ ਹੀ ਪਹਿਲੀ ਚਿੱਠੀ ਲਿਖ ਕੇ ਸ਼ੁਰੂ ਕੀਤੀ ਇਹ ਦੂਸਰੀ ਸੁਧਾਰ ਲਹਿਰ ਦਾ ਨੁਕਸਾਨ ਕਿਸੇ ਕੀਮਤ ਵਿੱਚ ਮੈਂ ਨਹੀ ਕਰਨਾਂ ਚਾਹੁੰਦਾ। ਇਸੇ ਕਰਕੇ ਹੀ ਮੈਂ 13 ਅਕਤੂਬਰ 2025 ਤੋ ਕੰਮ ਛੱਡ ਕੇ ਚੁੱਪ-ਚਾਪ ਘਰ ਬੈਠ ਗਿਆ ਸੀ। ਪਰ ਜਿੰਦਗੀ ਬੈਠਣ ਦਾ ਨਾਮ ਨਹੀ ਇਹ ਪਹੀਆ ਚਲਦਾ ਰਹੇ ਫਿਰ ਜਿੰਦਗੀ ਕਹਾਉਦਾ ਹੈ। ਵਾਹਿਗੁਰੂ ਸਾਹਿਬ ਜੀ ਜਿਥੇ ਚਾਹੁੰਣਗੇ ਉਥੇ ਆਉਣ ਵਾਲੇ ਸਮੇਂ ਵਿੱਚ ਪੰਥ ਅਤੇ ਪੰਜਾਬ ਲਈ ਸੇਵਾ ਲੈ ਲੈਣਗੇ।

ਧੰਨਵਾਦ ਸਹਿਤ **-ਚਰਨਜੀਤ ਸਿੰਘ ਬਰਾੜ**

**ਮੋਬਾਇਲ** 7717251777, **ਵੱਟਸਐਪ** 9115191111

# ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ॥

ਪਦਾਰਥਵਾਦ ਵਿੱਚ ਵਿਕਾਰਾਂ ਦੇ ਕੂੜ ਪ੍ਰਸਾਰੇ ਵਿੱਚ ਗਿਆਨ ਰੂਪੀ ਚਾਨਣ ਦਾ ਦੀਵਾ ਮੱਘਦੇ ਰਹਿਣ ਲਈ ਸਦਾ ਤੋਂ ਹੀ ਮਨੁੱਖਤਾ ਲਈ ਸਭ ਤੋਂ ਉੱਚੀ ਤੇ ਸੁੱਚੀ ਅਵਸਥਾ ਸੱਚ ਦੀ ਰਹੀ ਹੈ। ਸੱਚ ਰਾਹੀਂ ਮਨੁੱਖ ਨਾ ਸਿਰਫ ਆਪਣੇ ਅੰਦਰ ਦੀ ਆਵਾਜ਼ ਨੂੰ ਸੁਣਦਾ ਹੈ, ਸਗੋਂ ਸਮਾਜ ਵਿੱਚ ਵੀ ਸੱਚ ਸਦਕਾ ਬਣਦਾ ਮਾਣ ਤੇ ਸਤਿਕਾਰ ਪਾਉਂਦਾ ਹੈ।

**ਆਦਿ ਸਚੁ ਜੁਗਾਦਿ ਸਚੁ ॥**

ਆਪਣੀ ਰਚਨਾ ਸ੍ਰੀ ਜਪੁ ਜੀ ਸਾਹਿਬ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਫਰਮਾਉਂਦੇ ਹਨ ਕਿ ਅਕਾਲ ਪੁਰਖ ਦੀ ਹੋਂਦ ਸੱਚ ਰੂਪ ਦੇ ਵਿੱਚ ਆਦਿ ਤੋ ਹੀ ਹੈ ਅਤੇ ਇਹ ਸੱਚ ਰੂਪੀ ਅਕਾਲ ਪੁਰਖ ਜੁੱਗਾਂ ਦੇ ਮੁੱਢ ਤੋਂ ਹੀ ਮੌਜੂਦ ਹੈ। ਗੁਰਬਾਣੀ ਸਾਨੂੰ ਸਿੱਖਾਉਂਦੀ ਹੈ ਕਿ ਸੱਚ ਨਾਲ ਜੁੜੀ ਜ਼ਿੰਦਗੀ ਹੀ ਸਦਾ-ਥਿਰ ਹੈ ਅਤੇ ਜੋ ਮਨੁੱਖ ਸੱਚ ਦੇ ਰਾਹ ਤੇ ਤੁਰਦੇ ਹਨ ਉਹਨਾਂ ਦੀ ਉਸਤਤ ਭੌਤਿਕ ਰੂਪ ਵਿੱਚ ਲੋਕ ਕਰਨ ਜਾਂ ਨਾ ਕਰਨ ਅਕਾਲ ਪੁਰਖ ਪ੍ਰਭੂ ਆਪ ਕਰਦਾ ਹੈ।

ਕਲਯੁੱਗ ਵਿੱਚ ਹਰ ਇਨਸਾਨ ਆਪਣੀ ਝੂਠੀ ਸੱਚੀ ਸੋਭਾ ਲੋਚਦਾ ਹੈ ਅਤੇ ਇਸ ਸੋਭਾ ਨੂੰ ਕੱਟਣ ਖਾਤਰ ਉਹ ਭਾਂਤ ਭਾਂਤ ਦੇ ਕਾਰਜਾਂ ਨੂੰ ਸੰਪੂਰਨ ਕਰਦਾ ਹੈ। ਅਜੋਕੇ ਸਮਾਜ ਵਿੱਚ ਸੋਭਾ ਖੱਟਣ ਖ਼ਾਤਰ ਕਈ ਪ੍ਰਕਾਰ ਦੇ ਉਪਰਾਲੇ ਆਦਿਕ ਨੂੰ ਸਿਰੇ ਚੜ੍ਹਾਉਣ ਲਈ ਆਪਣੀ ਸਮਰੱਥਾ ਅਨੁਸਾਰ ਜ਼ੋਰ ਅਜ਼ਮਾਇਸ਼ ਕਰਦਾ ਰਹਿੰਦਾ ਹੈ। ਪਰ ਸਤਿਗੁਰੂ ਸੱਚੇ ਪਾਤਸ਼ਾਹ ਪਾਵਨ ਗੁਰਬਾਣੀ ਰਾਹੀਂ ਮਨੁੱਖ ਨੂੰ ਸੇਧ ਦਿੰਦੇ ਹਨ ਕਿ ਗੁਰਮੁੱਖ ਉਸਤਤ ਤੇ ਨਿੰਦਿਆ ਦੇ ਪ੍ਰਭਾਵ ਤੋਂ ਮੁਕਤ ਹੁੰਦੇ ਹਨ

**ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ।।**
**ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ।। 14 ।।**

ਗੁਰਬਾਣੀ ਵਿੱਚ ਸੱਚ ਦੀ ਵਡਿਆਈ

**“ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥5॥ ॥5॥**
(**ਸ੍ਰੀ ਗੁਰੂ ਗ੍ਰੰਥ ਸਾਹਿਬ, ਅੰਗ** 62)

ਇਸ ਸ਼ਬਦ ਵਿੱਚ ਗੁਰੂ ਸਾਹਿਬ ਜੀ ਨੇ ਸਾਫ ਕਿਹਾ ਕਿ ਸਾਰੇ ਧਰਮਾਂ ਅਤੇ ਕਰਮਾਂ ਤੋਂ ਵੱਧ ਸੱਚ ਤੇ ਸੁੱਚੇ ਆਚਰਨ ਵਾਲੀ ਜ਼ਿੰਦਗੀ ਹੈ। ਸਿਰਫ ਮੂੰਹੋਂ ਸੱਚ ਬੋਲਣਾ ਹੀ ਕਾਫੀ ਨਹੀਂ, ਸਗੋਂ ਆਪਣੇ ਕਰਮਾਂ ਵਿੱਚ ਵੀ ਸੱਚਾਈ ਲਿਆਉਣੀ ਬਹੁਤ ਜ਼ਰੂਰੀ ਹੈ।

**ਸੱਚਾ ਜੀਵਨ — ਇਕ ਅਮਲੀ ਰਾਹ**

**ਨਾਨਕ ਬੇੜੀ ਸਚ ਕੀ ਤਰੀਐ ਗੁਰ ਵੀਚਾਰਿ ॥**
**ਅੰਗ:** 20, ਮ ? 1, **ਸਿਰੀ ਰਾਗੁ**

ਉਪਰੋਕਤ ਗੁਰਬਾਣੀ ਦੇ ਪਾਵਨ ਵਾਕ ਰਾਹੀਂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਨੁੱਖਤਾ ਨੂੰ ਸੇਧ ਦੇ ਰਹੇ ਹਨ ਕਿ ਜੇ ਮਨੁੱਖ ਨੇ ਸੰਸਾਰ ਰੂਪੀ ਭਵ ਸਾਗਰ ਨੂੰ ਪਾਰ ਕਰਨਾ ਹੋਵੇ ਤਾਂ ਗੁਰੂ ਦੀ ਸਿੱਖਿਆ ਅਨੁਸਾਰ ਸਿਮਰਨ ਦੀ ਬੇੜੀ ਬਣਾ ਕੇ ਇਸ ਭਵ ਸਾਗਰ ਨੂੰ ਪਾਰ ਕੀਤਾ ਜਾ ਸਕਦਾ ਹੈ। ਗੁਰਬਾਣੀ ਅਨੁਸਾਰ ਸੱਚਾ ਜੀਵਨ ਜੀਉਣ ਵਾਲਾ ਵਿਅਕਤੀ:

ਲਾਲਚ, ਝੂਠ, ਧੋਖਾ ਤੇ ਹੰਕਾਰ ਤੋਂ ਦੂਰ ਰਹਿੰਦਾ ਹੈ।
ਆਪਣੇ ਸੱਚ ਆਧਾਰਿਤ ਕੰਮਾਂ ਨਾਲ ਲੋਕਾਂ ਲਈ ਮਿਸਾਲ ਬਣਦਾ ਹੈ।
ਆਪਣੇ ਅੰਦਰ ਸੱਚ ਦੇ ਅਸੀਮ ਬਲ ਕਾਰਣ ਅਨੰਦ ਤੇ ਨਿਰਭਉ ਭਾਵ ਵਿੱਚ ਰਹਿੰਦਾ ਹੈ।

**ਆਸਾ ਮਹਲਾ 1॥**
**ਕਿਆ ਜੰਗਲੁ ਢੂਢੀ ਜਾਇ ਮੈ ਘਰਿ ਬਨੁ ਹਰੀਆਵਲਾ॥**
**ਸਚਿ ਟਿਕੈ ਘਰਿ ਆਇ ਸਬਦਿ ਉਤਾਵਲਾ॥ 1॥**
**ਜਹ ਦੇਖਾ ਤਹ ਸੋਇ ਅਵਰੁ ਨ ਜਾਣੀਐ॥**
**ਗੁਰ ਕੀ ਕਾਰ ਕਮਾਇ ਮਹਲੁ ਪਛਾਣੀਐ॥ 1॥ ਰਹਾਉ॥**

ਉਪਰੋਕਤ ਸ਼ਬਦ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਰਚਨਾ ਆਸਾ ਦੀ ਵਾਰ ਵਿੱਚ ਆਪਣੇ ਪਾਵਨ ਮੁਖਾਰਬਿੰਦ ਤੋਂ ਉਚਾਰਿਤ ਕੀਤੇ ਸਨ । ਇਸ ਵਿੱਚ ਸਤਿਗੁਰੂ ਨਾਨਕ ਦੇਵ ਜੀ ਮਨੁੱਖਤਾ ਨੂੰ ਸੇਧ ਦਿੰਦੇ ਹੋਏ ਫਰਮਾਉਂਦੇ ਹਨ ਕਿ ਪ੍ਰਮਾਤਮਾ ਨੂੰ ਲੱਭਣ ਲਈ ਜੰਗਲ ਖੰਗਾਲਣ ਦੀ ਲੋੜ ਨਹੀਂ ਜੇਕਰ ਹਿਰਦੇ ਵਿੱਚ ਸੱਚ ਵਸਾ ਲਈਏ ਤਾਂ ਪ੍ਰਮਾਤਮਾ ਉਸ ਹਿਰਦੇ ਵਿੱਚ ਆਪ ਵਿਰਾਜਮਾਨ ਹੁੰਦਾ ਹੈ। ਜੋ ਮਨੁੱਖ ਆਪਣੇ ਅੰਦਰ ਸੱਚ ਵਸਾਉਂਦਾ ਹੈ, ਉਹੀ ਅਸਲ ਸੱਚ ਨੂੰ ਜਾਣਦਾ ਹੈ। ਅਜਿਹਾ ਮਨੁੱਖ ਕਿਸੇ ਵੀ ਹਾਲਤ ਵਿੱਚ ਝੂਠ ਦੀ ਓਟ ਨਹੀਂ ਲੈਂਦਾ। ਗੁਰੂ ਜੀ ਸਿੱਖ ਦੇ ਜੀਵਨ ਵਿਚ ਸੱਚ ਦੀ ਮਹੱਤਤਾ ਸਮਝਾਉਂਦੇ ਹੋਏ ਆਖਦੇ ਹਨ॥

**ਮੁਖ ਸਚੇ ਸਚੁ ਦਾੜੀਆ ਸਚੁ ਬੋਲਹਿ ਸਚੁ ਕਮਾਹਿ ॥**
**ਸਚਾ ਸਬਦੁ ਮਨਿ ਵਸਿਆ ਸਤਿਗੁਰ ਮਾਂਹਿ ਸਮਾਂਹਿ ॥**

ਜਿਸ ਸਿਖਿਆਰਥੀ ਦੇ ਜੀਵਨ ਦਾ ਅਧਾਰ ਸੱਚ ਹੈ ਉਸਦਾ ਮੁੱਖ ਵੀ ਪਵਿੱਤਰ ਹੈ ਉਸਦਾ ਕਿਰਦਾਰ ਵੀ ਪਵਿੱਤਰ ਹੈ ਉਸਦੀ ਬੋਲ ਬਾਣੀ ਵੀ ਪਵਿੱਤਰ ਹੈ ਅਤੇ ਉਸਦੀ ਕਿਰਤ ਕਮਾਈ ਵੀ ਪਵਿੱਤਰ ਹੈ॥ ਕਿਉਂ ਜੋ ਗੁਰੂ ਦੀ ਸਿਖਿਆ ਰੂਪੀ ਸਬਦੁ ਕਮਾ ਮਨ ਦੇ ਸੰਕਲਪ ਵਿਕਲਪਾਂ ਵਿਚ ਵਸਾ ਲਿਆ ਹੋਂਦਾ ਹੈ ਅਤੇ ਇਹ ਕਾਰਨ ਹੀ ਮਿਲਾਪ ਦਾ ਅਸਲ ਤੱਥ ਬਣ ਦਾ ਹੈ॥

**ਸੱਚੇ ਰਾਹ ਦੀ ਪਹਿਚਾਣ**

1. ਸੱਚਾਈ ਬੋਲਣਾ ਅਤੇ ਕਮਾਉਣਾ
— ਝੂਠੇ ਵਾਅਦੇ, ਨਕਲੀ ਰਿਸ਼ਤੇ ਅਤੇ ਵੈਰ-ਵਿਰੋਧ ਤੋਂ ਹਟ ਕੇ ਸੱਚੀ ਨੀਅਤ ਨਾਲ ਜੀਵਨ ਬਤੀਤ ਕਰਨਾ।

2. ਨਿਮਰਤਾ ਅਤੇ ਨਿਸ਼ਕਾਮਤਾ
— ਗੁਰਬਾਣੀ ਸਾਨੂੰ ਦੱਸਦੀ ਹੈ ਕਿ ਸੱਚਾ ਮਨੁੱਖ ਹੰਕਾਰੀ ਨਹੀਂ, ਨਿਮਰ ਹੁੰਦਾ ਹੈ। ਉਹ ਕਿਸੇ ਲਾਭ ਦੀ ਉਡੀਕ ਵਿੱਚ ਨਹੀਂ, ਸਗੋਂ ਪ੍ਰੇਮ ਤੇ ਭਰੋਸੇ ਨਾਲ ਕੰਮ ਕਰਦਾ ਹੈ।

3. ਦੂਜਿਆਂ ਦੀ ਭਲਾਈ
— ਸੱਚਾ ਜੀਵਨ ਉਹ ਹੈ ਜੋ ਕੇਵਲ ਆਪਣੇ ਲਈ ਨਹੀਂ ਬਲਕਿ ਸੰਮੂਹ ਮਨੁੱਖਤਾ ਦੀ ਭਲਾਈ ਲਈ ਬਤੀਤ ਕੀਤਾ ਜਾਵੇ।

ਸੱਚੇ ਮਾਰਗ ਦੀ ਸੋਭਾ ਜਹਾਨ ਵਿੱਚ

**“ਸੁਚਿ ਹੋਵੈ ਤਾ ਸਚੁ ਪਾਈਐ ॥2॥**

ਗੁਰੂ ਸਾਹਿਬ ਜੀ ਕਹਿੰਦੇ ਹਨ ਕਿ ਗੁਰਮੁੱਖ ਉਹੀ ਹੈ ਜੋ ਸੱਚ ਦੇ ਮਾਰਗ ’ਤੇ ਤੁਰਦਾ ਹੈ ਅਤੇ ਸੱਚੇ ਅਕਾਲ ਪੁਰਖ ਦੀ ਭਾਲ ਕਰਦਾ ਹੈ।। ਅਜਿਹੇ ਵਿਅਕਤੀ ਦੀ ਸੋਭਾ ਜਗਤ ਵਿਚ ਹੁੰਦੀ ਹੈ, ਲੋਕ ਉਸਦੀ ਇੱਜ਼ਤ ਕਰਦੇ ਹਨ ਅਤੇ ਉਹ ਆਪਣੀ ਆਤਮਿਕ ਉਚਾਈ ਵੀ ਹਾਸਿਲ ਕਰਦਾ ਹੈ।

ਅੱਜ ਦੇ ਸਮਾਜ ਵਿੱਚ ਸੱਚ ਦੀ ਲੋੜ

**ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ ॥**

ਅੱਜ ਪਦਾਰਥਵਾਦ ਦੇ ਯੁੱਗ ਵਿੱਚ ਮਨੁੱਖ ਨੂੰ ਪੈਸੇ, ਇੱਜਤ ਤੇ ਸ਼ੋਹਰਤ ਦੀ ਹੋੜ ਨੇ ਆਪਣਾ ਗੁਲਾਮ ਬਣਾ ਰੱਖਿਆ ਹੈ। ਕਲਯੁੱਗ ਦੇ ਪਸਾਰੇ ਅਧੀਨ ਇਸ ਯੁੱਗ ਵਿੱਚ ਧੋਖਾ, ਲਾਭ ਤੇ ਲਾਲਚ ਦਾ ਰਾਜ ਹੈ, ਉੱਥੇ ਸੱਚੇ ਵਿਅਕਤੀ ਦੀ ਸੱਚ ਦੇ ਪੈਂਡਿਆਂ ਤੇ ਤੁਰਨ ਕਾਰਨ ਇੱਕ ਵੱਖਰੀ ਮਿਸਾਲ ਬਣਦੀ ਹੈ। ਗੁਰੂ ਸਾਹਿਬ ਫਰਮਾਉਂਦੇ ਹਨ ਕਿ ਸ਼ਰਮ ਤੇ ਧਰਮ ਦੋਵੇਂ ਇਸ ਯੁੱਗ ਦੇ ਵਿੱਚ ਅਗਿਆਤ ਹੋ ਗਏ ਨੇ ਅਤੇ ਉਹਨਾਂ ਦੀ ਥਾਂ ਦੇ ਉੱਤੇ ਵਿਕਾਰਾਂ ਰੂਪੀ ਕੂੜ ਦਾ ਬੋਲ ਬਾਲਾ ਹੈ।

**ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥**

ਇਹ ਸਿਰਫ ਪਾਵਨ ਗੁਰਬਾਣੀ ਦਾ ਵਾਕ ਹੀ ਨਹੀਂ ਬਲਕਿ ਸੱਚੇ ਜੀਵਨ ਨੂੰ ਜਿਉਣ ਦਾ ਸਿਧਾਂਤ ਹੈ। ਪਾਵਨ ਗੁਰਬਾਣੀ ਰਾਹੀਂ ਗੁਰੂ ਸਾਹਿਬਾਂ ਨੇ ਸਾਨੂੰ ਸਿਖਾਇਆ ਕਿ ਸੱਚ ਦਾ ਰਾਹ ਸੌਖਾ ਨਹੀਂ ਪਰ ਇਸ ਰਾਹ ਤੇ ਆਤਮਿਕ ਤਰੱਕੀ, ਆਨੰਦ ਅਤੇ ਸਦੀਵੀ ਸੋਭਾ ਦੀ ਰੌਸ਼ਨੀ ਦਾ ਚਾਨਣ ਸਦਾ ਬਰਕਰਾਰ ਰਹਿੰਦਾ ਹੈ।



**ਮੁਖਿ ਝੂਠੈ ਝੂਠੁ ਬੋਲਣਾ ਕਿਉ ਕਰਿ ਸੂਚਾ ਹੋਇ॥**
**ਬਿਨੁ ਅਭ ਸਬਦ ਨ ਮਾਂਜੀਐ ਸਾਚੇ ਤੇ ਸਚੁ ਹੋਇ॥** (ਪੰਨਾ 56)

ਆਉ, ਅਸੀਂ ਗੁਰਬਾਣੀ ਦੀ ਰੋਸ਼ਨੀ ਵਿੱਚ ਸੇਧ ਲੈਂਦੇ ਹੋਏ ਆਪਣੇ ਜੀਵਨ ਨੂੰ ਸੱਚਾਈ ਦੇ ਰਾਹ ਉੱਤੇ ਤੋਰਨ ਦੀ ਕੋਸ਼ਿਸ਼ ਕਰੀਏ, ਤਾਂ ਜੋ ਨਾ ਸਿਰਫ ਇਹ ਭੌਤਿਕ ਸੰਸਾਰ ਸਾਡੀ ਉਸਤਤ ਕਰੇ ਬਲਕਿ ਅਧਿਆਤਮਕਤਾ ਦਾ ਸਰੂਰ ਸਦੈਵ ਸਾਡੇ ਤਨ ਮਨ ਨੂੰ ਚੜ੍ਹਦੀ ਕਲਾ ਵਾਲੀ ਅਵਸਥਾ ਵਿੱਚ ਕਾਇਮ ਰੱਖੇ।

**ਭੁੱਲ ਚੁੱਕ ਦੀ ਖਿਮਾ, ਦਾਸ ਡਾ. ਸੁਰਿੰਦਰਪਾਲ ਸਿੰਘ**
**ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

## ਮਾਘੀ ਮੌਕੇ ਬਸਪਾ ਨੇ ਦਮਦਮਾ ਸਾਹਿਬ ਵਿਖੇ ਕੀਤੀ ਰਾਜਸੀ ਰੈਲੀ

# ਵੱਡੀ ਗਿਣਤੀ ਵਰਕਰਾਂ ਨੇ ਕੀਤੀ ਸ਼ਮੂਲੀਅਤ





**ਤਲਵੰਡੀ ਸਾਬੋ, 14 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਹਰ ਸਾਲ ਵਾਂਗ ਇਸ ਵਾਰ ਵੀ ਬਹੁਜਨ ਸਮਾਜ ਪਾਰਟੀ ਨੇ ਸ੍ਰੀ ਮੁਕਤਸਰ ਸਾਹਿਬ ਦੀ ਵਜਾਏ ਤਖਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ) ਦੇ ਬਾਹਰ ਖੁੱਲੇ ਮੈਦਾਨ 'ਚ ਬਸਪਾ ਸੁਪਰੀਮੋ ਮਾਇਆਵਤੀ ਦੇ ਜਨਮ ਦਿਨ ਨੂੰ ਸਮਰਪਿਤ ਕਰਕੇ ਰਾਜਸੀ ਰੈਲੀ ਕੀਤੀ ਜਿਸ ਵਿੱਚ ਪਾਰਟੀ ਦੀ ਪੰਜਾਬ ਲੀਡਰਸ਼ਿਪ ਤੋਂ ਇਲਾਵਾ ਵੱਡੀ ਗਿਣਤੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੈਲੀ ਨੂੰ ਸੰਬੋਧਨ ਦੌਰਾਨ ਬਸਪਾ ਪੰਜਾਬ ਦੇ ਇੰਚਾਰਜ ਕੁਲਦੀਪ ਸਿੰਘ ਸਰਦੂਲਗੜ੍ਹ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਕਿਸੇ ਇੱਕ ਵਰਗ ਦੀ ਨਹੀ ਸਗੋਂ ਸਮੁੱਚੀਆਂ ਉਨਾਂ ਧਿਰਾਂ ਦੀ ਨੁਮਾਇੰਦਗੀ ਕਰਦੀ ਹੈ ਜਿੰਨ੍ਹਾਂ ਨੂੰ ਸਮੇਂ ਸਮੇਂ ਤੇ ਹਾਕਮ ਧਿਰਾਂ ਵੱਲੋਂ ਲੁੱਟਿਆ ਅਤੇ ਕੁੱਟਿਆ ਜਾਂਦਾ ਰਿਹੈ। ਉਨਾਂ ਕਿਹਾ ਕਿ ਸੱਤਾ 'ਚ ਆਉਣ ਤੇ ਵਿਹੜਿਆਂ ਤੋਂ ਰਾਜਭਾਗ ਚਲਾਉਣ ਦੇ ਐਲਾਨ ਕਰਨ ਵਾਲੇ ਭਗਵੰਤ ਮਾਨ ਨੇ ਮੁੱਖ ਮੰਤਰੀ ਬਨਣ ਤੋਂ ਬਾਅਦ ਕਦੇ ਦਲਿਤਾਂ ਜਾਂ ਆਰਥਿਕ ਪੱਖੋਂ ਕਮਜ਼ੋਰ ਲੋਕਾਂ ਦੀ ਸਾਰ ਹੀ ਨਹੀ ਲਈ। ਅਰਵਿੰਦ ਕੇਜਰੀਵਾਲ ਨੂੰ ਵੀ ਦਲਿਤ ਵਿਰੋਧੀ ਦੱਸਦਿਆਂ ਉਨਾਂ ਕਿਹਾ ਕਿ ਸਰਕਾਰ ਬਨਣ ਸਾਰ ਦਲਿਤ ਵਰਗ 'ਚੋਂ ਉੱਪ ਮੁੱਖ ਮੰਤਰੀ ਬਣਾਉਣ ਦਾ ਵਾਇਦਾ ਸਿਰਫ ਲਾਰਾ ਹੋ ਨਿੱਬੜਿਆ।ਬਸਪਾ ਆਗੂ ਨੇ ਕਿਹਾ ਕਿ ਸੱਤਾ 'ਚ ਰਹੀਆਂ ਤਕਰੀਬਨ ਸਾਰੀਆਂ ਹੀ ਧਿਰਾਂ ਤੋਂ ਬੇਆਸ ਹੋ ਚੁੱਕੇ ਦਲਿਤ ਭਾਈਚਾਰੇ ਨੇ ਵੱਡੀ ਗਿਣਤੀ ਵੋਟਾਂ ਪਾ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਪਰ ਇਹ ਸਭ ਤੋਂ ਵੱਧ ਦਲਿਤ ਵਿਰੋਧੀ ਸਾਬਿਤ ਹੋਈ ਇਸ ਕਰਕੇ ਲੋਕ ਹੁਣ ਬਸਪਾ ਦੇ ਝੰਡੇ ਥੱਲੇ ਇੱਕਜੁਟ ਹੋ ਰਹੇ ਨੇ ਤੇ 2027 'ਚ ਪੰਜਾਬ ਚ ਸਰਕਾਰ ਬਣਾਉਣ 'ਚ ਬਸਪਾ ਅਹਿਮ ਰੋਲ ਅਦਾ ਕਰੇਗੀ।ਆਪਣੇ ਸੰਬੋਧਨ 'ਚ ਪੰਜਾਬ ਜਨਰਲ ਸਕੱਤਰ ਦੌਲਤ ਰਾਮ ਨੇ ਕਿਹਾ ਕਿ ਭੈਣ ਮਾਇਆਵਤੀ ਦੇ ਜਨਮ ਦਿਨ ਮੌਕੇ ਸਭ ਤੋਂ ਵੱਡੀ ਲੋੜ ਸਾਹਿਬ ਕਾਂਸ਼ੀ ਰਾਮ ਦੇ ਸਿਧਾਂਤਾ ਨੂੰ ਅਪਨਾਉਣ ਦੀ ਹੈ ਤੇ ਜਦੋਂ ਅਸੀਂ ਉਨਾਂ ਨੂੰ ਅਪਨਾ ਕੇ ਬਹੁਜਨ ਸਮਾਜ ਨੂੰ ਜਾਗਰੂਕ ਕਰ ਲਿਆ ਫਿਰ ਸੱਤਾ ਖੁਦ ਸਾਡੇ ਪੈਰ ਚੁੰਮੇਗੀ। ਰੈਲੀ ਨੂੰ ਸੰਤ ਰਾਮ ਮੱਲੀਆਂ, ਗੁਰਬਖਸ਼ ਸਿੰਘ ਚੌਹਾਨ, ਲਖਵੀਰ ਸਿੰਘ ਨਿੱਕਾ ਸ਼ੇਖਪੁਰਾ, ਮੀਨਾ ਰਾਣੀ (ਚਾਰੇ ਸਕੱਤਰ), ਜੋਗਿੰਦਰ ਸਿੰਘ ਜਿਲ੍ਹਾ ਪ੍ਰਧਾਨ ਬਠਿੰਡਾ ਤੇ ਬਾਬੂ ਸਿੰਘ ਫਤਹਿਪੁਰ ਜਿਲ੍ਹਾ ਪ੍ਰਧਾਨ ਮਾਨਸਾ ਨੇ ਵੀ ਸੰਬੋਧਨ ਕੀਤਾ ਜਦੋਂਕਿ ਅੰਤ 'ਚ ਸੂਬਾ ਸਕੱਤਰ ਮਾ. ਜਗਦੀਪ ਸਿੰਘ ਗੋਗੀ ਨੇ ਰੈਲੀ ਨੂੰ ਸਫਲ ਬਣਾਉਣ 'ਤੇ ਸਭਨਾਂ ਦਾ ਧੰਨਵਾਦ ਕਰਦਿਆਂ ਸਮੁੱਚੇ ਬਹੁਜਨ ਸਮਾਜ ਨੂੰ ਲੋਟੂ ਧੜਿਆਂ ਖਿਲਾਫ ਇਕਜੁਟ ਹੋਣ ਦੀ ਅਪੀਲ ਕੀਤੀ ਤਾਂਕਿ ਉਨਾਂ ਨੂੰ ਸੂਬੇ ਦੀ ਸੱਤਾ ਤਂ ਲਾਂਭੇ ਕੀਤਾ ਜਾ ਸਕੇ ਰੈਲੀ ਚ ਹਰਨੇਕ ਸਿੰਘ ਜਗਾ ਰਾਮ ਤੀਰਥ, ਰਛਪਾਲ ਸਿੰਘ ਸੀਂਗੋ, ਮੱਖਣ ਖਾਨ, ਜੰਟਾ ਸਿੰਘ ਜਗਾ ਤੇ ਗੁਰਮੇਲ ਸਿੰਘ ਜਗਾ, ਹਰਨੇਕ ਸਿੰਘ ਤਲਵੰਡੀ ਸਾਬੋ ਸਮੇਤ ਵੱਡੀ ਗਿਣਤੀ ਆਗੂ ਤੇ ਵਰਕਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**2027 'ਚ ਪੰਜਾਬ 'ਚ ਸਰਕਾਰ ਬਣਾਉਣ 'ਚ ਬਸਪਾ ਅਹਿਮ ਰੋਲ ਕਰੇਗੀ ਅਦਾ- ਇੰਚਾਰਜ ਬਸਪਾ ਪੰਜਾਬ**

## ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ

# ਕਾਂਝਲਾ ਤੇ ਰੰਗੀਆਂ ਦੀ ਮਹਿਨਾਵਾਰ ਮੀਟਿੰਗ ਹੋਈ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਪਾਵਰਕਾਮ ਦੀ ਪ੍ਰਮੁੱਖ ਜਥੇਬੰਦੀ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਸਵ ਡਵੀਜ਼ਨ ਕਾਂਝਲਾ ਤੇ ਰੰਗੀਆਂ ਦੀ ਮਹਿਨਾਵਾਰ ਮੀਟਿੰਗ ਸਵ ਡਵੀਜ਼ਨ ਰੰਗੀਆਂ ਵਿਖੇ ਸਵ ਡਵੀਜ਼ਨ ਪ੍ਰਧਾਨ ਕੁਲਦੀਪ ਸਿੰਘ ਰਾਜੋਮਾਜਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸਟੇਟ ਕਮੇਟੀ ਦੇ ਆਗੂ ਨਪਿੰਦਰ ਸਿੰਘ ਕਾਂਝਲਾ, ਸਰਕਲ ਆਗੂ ਮਨਜੀਤ ਸਿੰਘ ਲੱਡਾ ਵੀ ਮੌਜੂਦ ਸਨ। ਮੀਟਿੰਗ ਦੀ ਕਾਰਵਾਈ ਡਵੀਜ਼ਨ ਆਗੂ ਦਵਿੰਦਰ ਸਿੰਘ ਪੁੰਨਾਵਾਲ ਵੱਲੋਂ ਕੀਤੀ ਗਈ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਮੁਲਾਜਮਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਸ ਮੀਟਿੰਗ ਵਿੱਚ ਸਵ ਸਟੇਸ਼ਨ ਕਾਂਝਲਾ ਗਰਿੱਡ ਦੇ ਜੇ ਈ ਅਰਸ਼ਪ੍ਰੀਤ ਸਿੰਘ ਨੂੰ ਆਈ ਟੀ ਆਈ ਜਥੇਬੰਦੀ ਦੇ ਪਰਿਵਾਰ ਵਿੱਚ ਸ਼ਾਮਲ ਕੀਤਾ ਗਿਆ ਜਥੇਬੰਦੀ ਨਾਲ ਜੋੜਨ ਲਈ ਸੰਦੀਪ ਸਿੰਘ ਲੱਡਾ ਅਤੇ ਕੁਲਵੰਤ ਸਿੰਘ ਲੱਡਾ ਦੀ ਅਣਥੱਕ ਮਿਹਨਤ ਹੈ ਜੋ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਬਹੁਤ ਮਿਹਨਤੀ ਹਨ। ਉਨ੍ਹਾਂ ਦੀ ਮਿਹਨਤ ਅਤੇ ਜ਼ਜਬੇ ਨੂੰ ਸਲਾਮ ਹੈ। ਆਗੂਆਂ ਵਲੋਂ 16 ਜਨਵਰੀ ਨੂੰ ਕਿਸਾਨ ਜਥੇਬੰਦੀਆਂ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਜਿਲ੍ਹਾ ਪੱਧਰੀ ਧਰਨੇ ਦਿੱਤੇ ਜਾਣਗੇ। ਇਸ ਤੋਂ ਇਲਾਵਾ ਪਾਵਰਕਾਮ ਮੈਨਜਮੈਂਟ ਵੱਲੋਂ ਲਾਈਨਮੈਨ ਤੋਂ ਏ ਜੇਈ ਬਣਾ ਕੇ ਧੱਕੇ ਨਾਲ ਕੋਡ ਦੇਣ ਦੀ ਨਿਖੇਧੀ ਕਰਦੀਆਂ ਲਾਈਨਮੈਨ ਤੋਂ ਜੇ ਈ ਦੀ ਤਰੱਕੀ ਵਿੱਚ ਖੜੋਤ ਆਵੇਗੀ ਲਾਈਨਮੈਨ ਦੀ ਤਰੱਕੀ ਦਾ ਕੋਟਾ ਵਧਾ ਕੇ 90%ਕੀਤਾ ਜਾਵੇ। ਜਥੇਬੰਦੀ ਦਾ ਕੈਲੰਡਰ ਰਲੀਜ ਕੀਤਾ ਗਿਆ ਅਤੇ ਕਾਂਝਲਾ ਤੇ ਰੰਗੀਆਂ ਸਵ ਡਵੀਜ਼ਨ ਦੇ ਦਫਤਰ ਅਤੇ ਕੰਪਲੇਟ ਸੈਂਟਰਾਂ ਤੇ ਕੈਲੰਡਰ ਲਗਾਏ ਗਏ। ਅੰਤ ਵਿੱਚ ਸਵ ਡਵੀਜ਼ਨ ਕਾਂਝਲਾ ਦੇ ਖਜਾਨਚੀ ਖੁਸ਼ਾਰ ਸਿੰਘ (ਨੋਨੀ ਭਲਵਾਨ) ਵੱਲੋਂ ਫੰਡ ਦਾ ਹਿਸਾਬ ਕਿਤਾਬ ਦਿੱਤਾ ਗਿਆ ਅਤੇ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਜੇ ਪੀ ਕਾਂਝਲਾ, ਜਸਵੀਰ ਸਲੇਮਪੁਰ, ਬਲਵੰਤ ਸਿੰਘ ਕੁੰਬੜਵਾਲ,ਕੁਲਦੀਪ ਭਲਵਾਨ, ਮਨਪਰੀਤ ਧੂਰਾ, ਗੁਰਤੇਜ ਹਸਨਪੁਰ, ਤਰਸੇਮ ਨਾਭਾ ਆਦਿ ਸਾਥੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਗੁਰਦੁਆਰਾ ਕਮੇਟੀ ਨੇ ਗੁਰੂ ਤੇਗ ਬਹਾਦਰ ਖਾਲਸਾ ਕਾਲਜ 'ਚ ਗੁਰਮੁਖੀ ਲਿਪੀ ਦੇ ਖੋਜ ਕੇਂਦਰ ਦਾ ਨੀਂਹ ਪੱਥਰ ਰੱਖਿਆ



ਨਵੀਂ ਦਿੱਲੀ, 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਚ ਗੁਰਮੁਖੀ ਲਿਪੀ ਦੇ ਖੋਜ ਕੇਂਦਰ ਦਾ ਨੀਂਹ ਰੱਖਿਆ ਗਿਆ। ਇਸ ਮੌਕੇ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਜਦੋਂ ਕਿ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਮਾਗਮ ਵਿਚ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਤਿੰਨਾਂ ਆਗੂਆਂ ਨੇ ਸਾਂਝੇ ਤੌਰ 'ਤੇ ਇਸ ਕੇਂਦਰ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਗੁਰਮੁਖੀ ਸਿਰਫ ਇਕ ਲਿਪੀ ਹੀ ਨਹੀਂ, ਇਹ ਸਾਡੀ ਸੋਚ, ਸਾਡੀ ਸੰਸਕ੍ਰਿਤੀ ਅਤੇ ਸਾਡੀ ਪਛਾਣ ਹੈ। ਉਹਨਾਂ ਕਿਹਾ ਕਿ ਇਹ ਲਿਪੀ ਗੁਰੂ ਸਾਹਿਬ ਵੱਲੋਂ ਸਾਨੂੰ ਬਖਸ਼ਿਸ਼ ਕੀਤੀ ਗਈ ਹੈ ਜੋ ਸਾਡੀ ਮਾਂ ਬੋਲੀ ਹੈ। ਉਹਨਾਂ ਕਿਹਾ ਕਿ ਅੱਜ ਪੰਜਾਬੀ ਆਪਣੀ ਮਾਂ ਬੋਲੀ ਦੀ ਬਦੌਲਤ ਹੀ ਦੇਸ਼ਾਂ ਵਿਦੇਸ਼ਾਂ ਵਿਚ ਆਪਣਾ ਨਾਮ ਕਮਾ ਰਹੇ ਹਨ। ਉਹਨਾਂ ਕਿਹਾ ਕਿ ਇਸ ਗੁਰਮੁਖੀ ਲਿਪੀ ਨੇ ਸਾਨੂੰ ਇਕ ਨਿਆਰੀ ਪਛਾਣ ਦਿੱਤੀ ਹੈ ਤੇ ਅੱਜ ਸਾਰੀ ਦੁਨੀਆਂ ਇਸ ਗੱਲ ਨੂੰ ਮੰਨ ਰਹੀ ਹੈ ਕਿ ਮਨੁੱਖਤਾ 'ਤੇ ਦੁਨੀਆਂ ਭਰ ਵਿਚ ਜਦੋਂ ਕੋਈ ਸੰਕਟ ਆਉਂਦਾ ਹੈ ਤਾਂ ਇਹ ਕੌਮ ਸਭ ਤੋਂ ਪਹਿਲਾਂ ਅੱਗੇ ਹੋ ਕੇ ਮਨੁੱਖਤਾ ਦੀ ਸੇਵਾ ਕਰਦੀ ਹੈ। ਉਹਨਾਂ ਕਿਹਾ ਕਿ ਜਿਥੇ ਸਾਡੀ ਗਿਣਤੀ ਭਾਰਤ ਵਿਚ ਸਿਰਫ 2 ਫੀਸਦੀ ਹੈ, ਉਥੇ ਹੀ ਦੁਨੀਆਂ ਵਿਚ ਨਿਗੂਣੀ ਹੈ ਪਰ ਸਾਡੀ ਪਛਾਣ ਸਭ ਤੋਂ ਵੱਡੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਸ ਖੋਜ ਕੇਂਦਰ ਵਿਚ ਚੰਗੇ ਤੋਂ ਚੰਗੇ ਅਧਿਆਪਕ ਲਗਾ ਕੇ ਗੁਰਮੁਖੀ ਲਿਪੀ 'ਤੇ ਖੋਜ ਹੋਵੇਗੀ ਤੇ ਖੋਜ ਤਾਂ ਹੀ ਸੰਭਵ ਹੈ ਜੇਕਰ ਅਸੀਂ ਭਾਸ਼ਾ ਨੂੰ ਆਪਣੇ ਅੰਦਰ ਧਾਰ ਲਈਏ। ਉਹਨਾਂ ਕਿਹਾ ਕਿ ਭਾਵੇਂ ਅਸੀਂ ਆਖਦੇ ਹਾਂ ਕਿ ਸਾਡੀ ਬੋਲੀ ਹੈ ਪਰ ਘਰਾਂ ਵਿਚ ਇਸਦੀ ਵਰਤੋਂ ਘਟਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੀ ਭਾਸ਼ਾ ਦੀ ਵੱਧ ਤੋਂ ਵੱਧ ਵਰਤੋਂ ਕਰੀਏ, ਅਸੀਂ ਬੋਲਣ ਅਤੇ ਲਿਖਣ ਵਿਚ ਭਾਸ਼ਾ ਦੀ ਵਰਤੋਂ ਕਰੀਏ। ਉਹਨਾਂ ਕਿਹਾ ਕਿ ਭਾਵੇਂ ਅੰਗਰੇਜ਼ੀ ਭਾਸ਼ਾ ਵੀ ਸਮਾਜਿਕ ਵਿਵਸਥਾ ਕਾਰਨ ਜ਼ਰੂਰੀ ਹੈ ਪਰ ਮਾਂ ਬੋਲੀ ਪੰਜਾਬੀ ਵਾਸਤੇ ਸਾਡੇ ਯਤਨ ਹੋਰ ਤੇਜ਼ ਹੋਣੇ ਚਾਹੀਦੇ ਹਨ। ਉਹਨਾਂ ਦੱਸਿਆ ਕਿ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਪੰਜਾਬੀ ਮਾਂ ਬੋਲੀ ਵਾਸਤੇ ਯੋਗਦਾਨ ਪਾਇਆ ਹੈ, ਉਥੇ ਹੀ ਇਹਨਾਂ ਦੇ ਕਮੇਟੀ ਵਿਚ ਕਾਰਜਕਾਲ ਦੌਰਾਨ ਅਤੇ ਕੋਰੋਨਾ ਕਾਲ ਵਿਚ ਹੀ ਮੈਡੀਕਲ ਖੇਤਰ ਵਿਚ ਸੇਵਾਵਾਂ ਦੀ ਸ਼ੁਰੂਆਤ ਹੋਈ। ਉਹਨਾਂ ਕੈਬਨਿਟ ਮੰਤਰੀ ਨੂੰ ਅਪੀਲ ਕੀਤੀ ਕਿ ਸਰਕਾਰੀ ਪੱਧਰ 'ਤੇ ਵੀ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਵਾਸਤੇ ਯਤਨ ਹੋਣੇ ਚਾਹੀਦੇ ਹਨ ਅਤੇ ਪੰਜਾਬੀ ਭਾਸ਼ਾ ਦੇ ਖੇਤਰ ਵਿਚ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਇਹ ਵੀ ਦੱਸਿਆ ਕਿ ਕੇਂਦਰ ਸਰਕਾਰ ਨੇ 25 ਤੋਂ 30 ਕਰੋੜ ਰੁਪਏ ਇਸ ਸੈਂਟਰ ਵਾਸਤੇ ਪ੍ਰਦਾਨ ਕੀਤੇ ਹਨ। ਉਹਨਾਂ ਕਿਹਾ ਕਿ ਜਿਥੇ ਭਾਰਤ ਵਿਚ ਅਨੇਕਾਂ ਰਾਜਾਂ ਵਿਚ ਪੰਜਾਬੀ ਨੂੰ ਦੂਜੀ ਭਾਸ਼ਾ ਦਾ ਦਰਜਾ ਮਿਲਿਆ ਹੈ, ਉਥੇ ਹੀ ਪਾਕਿਸਤਾਨ, ਕੈਨੇਡਾ, ਅਮਰੀਕਾ, ਆਸਟਰੇਲੀਆ ਸਮੇਤ ਵੱਖ-ਵੱਖ ਮੁਲਕਾਂ ਵਿਚ ਪੰਜਾਬੀ ਮਾਂ ਬੋਲੀ ਨੂੰ ਕਰੋੜਾਂ ਲੋਕ ਬੋਲਦੇ ਹਨ ਅਤੇ ਸੰਸਾਰ ਭਰ ਵਿਚ ਇਸਦਾ ਨਾਮ ਹੈ। ਉਹਨਾਂ ਕਿਹਾ ਕਿ ਆਸ ਹੈ ਕਿ ਇਸ ਸੈਂਟਰ ਵਿਚ ਗੁਰਮੁਖੀ ਬਾਰੇ ਵੱਡੀ ਖੋਜ ਹੋਵੇਗੀ ਅਤੇ ਮਾਂ ਬੋਲੀ ਦਾ ਪ੍ਰਚਾਰ ਤੇ ਪ੍ਰਸਾਰ ਹੋਵੇਗਾ ਤੇ ਸਾਡੇ ਨੌਜਵਾਨ ਆਪਣੀ ਮਾਂ ਬੋਲੀ ਵਾਸਤੇ ਕੰਮ ਕਰ ਸਕਣਗੇ। ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਆਤਮਾ ਸਿੰਘ ਲੁਬਾਣਾ ਜੂਨੀਅਰ ਮੀਤ ਪ੍ਰਧਾਨ, ਜਸਮੇਨ ਸਿੰਘ ਨੋਨੀ ਸਕੱਤਰ, ਕਾਲਜ ਦੇ ਚੇਅਰਮੈਨ ਪਦਮ ਭੂਸ਼ਣ ਸਰਦਾਰ ਤਰਲੋਚਨ ਸਿੰਘ, ਉਪ ਚੇਅਰਮੈਨ ਰਿਸ਼ੀਪ੍ਰੀਤ ਸਿੰਘ ਸਚਦੇਵਾ, ਪ੍ਰਿੰਸੀਪਲ ਪ੍ਰੋ. ਗੁਰਮੋਹਿੰਦਰ ਸਿੰਘ ਅਤੇ ਵਾਈਸ ਪ੍ਰਿੰਸੀਪਲ ਹਰਬੰਸ ਸਿੰਘ ਸਮੇਤ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਹੁਜਨ ਸਮਾਜ ਪਾਰਟੀ ਦਾ ਪੰਜਾਬ ਲਈ ਦ੍ਰਿੜ੍ਹ ਸੰਕਲਪ



ਬਹੁਜਨ ਸਮਾਜ ਪਾਰਟੀ ਪੰਜਾਬ ਦੇ ਲੋਕਾਂ ਨੂੰ ਸਰੀਰਕ, ਸਮਾਜਿਕ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਪੂਰੀ ਨਿਸ਼ਠਾ ਨਾਲ ਕੰਮ ਕਰੇਗੀ। ਪੰਜਾਬੀਆਂ ਦੀ ਸਿਹਤ ਸੁਰੱਖਿਅਤ ਰੱਖਣ ਲਈ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੇ ਨਾਲ-ਨਾਲ ਪੈਰਾ-ਮੈਡੀਕਲ ਸਟਾਫ ਦੀਆਂ ਸਾਰੀਆਂ ਖਾਲੀ ਅਸਾਮੀਆਂ ਤੁਰੰਤ ਭਰੀਆਂ ਜਾਣਗੀਆਂ, ਤਾਂ ਜੋ ਹਰ ਨਾਗਰਿਕ ਨੂੰ ਬਿਹਤਰ ਇਲਾਜ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਪਿਛਲੇ 78 ਸਾਲਾਂ ਦੌਰਾਨ ਪੰਜਾਬ ਵਿੱਚ ਆਈਆਂ ਵੱਖ-ਵੱਖ ਸਰਕਾਰਾਂ ਨੇ ਸੂਬੇ 'ਤੇ ਕਰਜ਼ੇ ਦਾ ਭਾਰ ਲਗਾਤਾਰ ਵਧਾਇਆ ਹੈ। ਬਸਪਾ ਇਸ ਭਾਰ ਨੂੰ ਘਟਾਉਣ ਲਈ ਇਮਾਨਦਾਰੀ ਅਤੇ ਪਾਰਦਰਸ਼ੀ ਨੀਤੀਆਂ ਨਾਲ ਕੰਮ ਕਰੇਗੀ ਅਤੇ ਪੰਜਾਬ ਨੂੰ ਕਰਜ਼ਾ-ਮੁਕਤ ਬਣਾਉਣ ਦੀ ਦਿਸ਼ਾ ਵਿੱਚ ਠੋਸ ਕਦਮ ਚੁੱਕੇਗੀ।

ਨਸ਼ਿਆਂ ਦੀ ਲਾਹਨਤ ਅਤੇ ਬੇਰੁਜ਼ਗਾਰੀ ਤੋਂ ਨਿਜਾਤ ਦਿਵਾਉਣ ਲਈ ਪੰਜਾਬ ਦੇ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣਗੇ, ਤਾਂ ਜੋ ਨੌਜਵਾਨ ਵਰਗ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਭਵਿੱਖ ਮਿਲ ਸਕੇ।

ਬਸਪਾ ਦੀ ਸਰਕਾਰ ਬਣਨ 'ਤੇ ਹਰ ਨਾਗਰਿਕ ਲਈ ਰੋਟੀ, ਕੱਪੜਾ ਅਤੇ ਮਕਾਨ ਦੀ ਵਿਵਸਥਾ ਸੁਚੱਜੇ ਤਰੀਕੇ ਨਾਲ ਕੀਤੀ ਜਾਵੇਗੀ ਅਤੇ ਲੋਕਾਂ ਨੂੰ ਇਜ਼ਜ਼ਤ, ਸੁਰੱਖਿਆ ਅਤੇ ਮਾਣ-ਸਤਿਕਾਰ ਨਾਲ ਜੀਵਨ ਬਤੀਤ ਕਰਨ ਦਾ ਅਧਿਕਾਰ ਮਿਲੇਗਾ।

ਇਸ ਦੇ ਨਾਲ ਹੀ ਕੇਂਦਰ ਦੀ ਭਾਜਪਾ ਸਰਕਾਰ ਅਤੇ ਪੰਜਾਬ ਦੀ ਆਪ ਸਰਕਾਰ ਵੱਲੋਂ ਅਪਣਾਈਆਂ ਗਈਆਂ ਗਰੀਬ-ਵਿਰੋਧੀ ਨੀਤੀਆਂ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਮਨਰੇਗਾ ਸਕੀਮ ਨੂੰ ਕਮਜ਼ੋਰ ਜਾਂ ਖਤਮ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਬਸਪਾ ਕਦੇ ਸਵੀਕਾਰ ਨਹੀਂ ਕਰੇਗੀ। ਗਰੀਬ, ਮਜ਼ਦੂਰ ਅਤੇ ਕਿਸਾਨ ਵਰਗ ਦੇ ਹੱਕਾਂ ਦੀ ਰੱਖਿਆ ਲਈ ਪਾਰਟੀ ਵੱਲੋਂ ਸੰਘਰਸ਼ ਲਗਾਤਾਰ ਜਾਰੀ ਰਹੇਗਾ।

ਪੰਜਾਬ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਖ਼ਿਲਾਫ਼ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਮਨਰੇਗਾ ਸਮੇਤ ਸਾਰੇ ਲੋਕ-ਹਿਤੈਸ਼ੀ ਹੱਕਾਂ ਲਈ ਗਰੀਬ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਜਾਵੇਗਾ।

**— ਡਾ. ਜਗਜੀਵਨ ਸਿੰਘ, ਇੰਚਾਰਜ, ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਬਰਨਾਲਾ**

### ਸ੍ਰੀ ਮੁਕਤਸਰ ਸਾਹਿਬ, ਟੁੱਟੀ ਗੰਢੀ ਦਿਵਸ ’ਤੇ

# ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਰਿਕਾਰਡਤੋੜ ਇਕੱਠ







**ਸ੍ਰੀ ਮੁਕਤਸਰ ਸਾਹਿਬ, 14 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਟੁੱਟੀ ਗੰਢੀ ਦਿਹਾੜੇ ਦੇ ਪਾਵਨ ਮੌਕੇ ’ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਹਿਲੇ ਸਥਾਪਨਾ ਦਿਵਸ ਤੇ ਪਾਰਟੀ ਦੇ ਆਗਾਜ਼ ਸਮੇਂ ਐਲਾਨੇ ਗਏ ਸ੍ਰੀ ਮੁਕਤਸਰ ਸਾਹਿਬ ਐਲਾਨਨਾਮੇ ਦੇ ਅਧਾਰ ਉੱਪਰ ਇਕ ਵਿਸ਼ਾਲ ਤੇ ਇਤਿਹਾਸਕ ਪੰਥਕ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਅਤੇ ਪਾਰਟੀ ਵਰਕਰਾਂ ਨੇ ਭਾਗ ਲਿਆ। ਇਸ ਸ਼ਕਤੀਸ਼ਾਲੀ ਇਕੱਠ ਨੇ ਸਾਬਤ ਕਰ ਦਿੱਤਾ ਕਿ ਪੰਜਾਬ ਦੀ ਜ਼ਮੀਰ ਅਜੇ ਵੀ ਪੰਥਕ ਸੋਚ ਨਾਲ ਜੁੜੀ ਹੋਈ ਹੈ ਅਤੇ ਇਨਸਾਫ਼, ਹੱਕ ਅਤੇ ਸੱਚ ਦੇ ਰਾਹ ’ਤੇ ਖੜ੍ਹੀ ਹੈ। ਕਾਨਫਰੰਸ ਦੌਰਾਨ ਚਾਲੀ ਮੁਕਤਿਆਂ ਦੀ ਅਮਰ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਆਗੂਆਂ ਨੇ ਕਿਹਾ ਕਿ ਟੁੱਟੀ ਗੰਢੀ ਦਿਵਸ ਸਿਰਫ਼ ਇਤਿਹਾਸਕ ਦਿਹਾੜਾ ਨਹੀਂ, ਸਗੋਂ ਜ਼ੁਲਮ ਦੇ ਖ਼ਿਲਾਫ਼ ਡਟ ਕੇ ਖੜ੍ਹਨ ਅਤੇ ਗੁਰੂ ਦੇ ਸਿੱਖ ਵਜੋਂ ਆਪਣੇ ਫ਼ਰਜ਼ ਨੂੰ ਯਾਦ ਕਰਨ ਦਾ ਦਿਨ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਪੰਜਾਬ ਨੂੰ ਨਵੇਂ ਰੂਪਾਂ ਵਿੱਚ ਥੋਪੀ ਜਾ ਰਹੀ ਗ਼ੁਲਾਮੀ, ਜ਼ਬਰ, ਬੇਇਨਸਾਫ਼ੀ ਅਤੇ ਸਿਆਸੀ ਧੋਖੇਬਾਜ਼ੀ ਤੋਂ ਮੁਕਤੀ ਦਿਵਾਉਣ ਲਈ ਚਾਲੀ ਮੁਕਤਿਆਂ ਦੀ ਸੋਚ ਅਤੇ ਕੁਰਬਾਨੀ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਪੰਜਾਬ ਦੇ ਨੌਜਵਾਨਾਂ ਉੱਤੇ ਹੋ ਰਹੇ ਜ਼ੁਲਮ, ਝੂਠੇ ਕੇਸਾਂ, ਗੈਰ-ਕਾਨੂੰਨੀ ਨਜ਼ਰਬੰਦੀਆਂ ਅਤੇ ਪੰਥਕ ਆਵਾਜ਼ਾਂ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਸੱਚ ਦੀ ਆਵਾਜ਼ ਨੂੰ ਨਾਂ ਤਾਂ ਧੱਕੇਸ਼ਾਹੀ ਨਾਲ ਅਤੇ ਨਾਂ ਹੀ ਜੇਲ੍ਹਾਂ ਨਾਲ ਦਬਾਇਆ ਜਾ ਸਕਦਾ ਹੈ। ਪੰਥਕ ਕਾਨਫਰੰਸ ਵਿੱਚ ਹੋਏ ਇਕੱਠ ਨੇ ਸਾਂਝੇ ਰੂਪ ਵਿੱਚ ਐਲਾਨ ਕੀਤਾ ਕਿ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੈ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ, ਸਾਬੋ ਕੀ ਤਲਵੰਡੀ ਤੱਕ ਜਾਗਤਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ “ਬੰਦੀ ਛੋੜ ਖ਼ਾਲਸਾ ਵਹੀਰ” ਕੱਢੀ ਜਾਵੇਗੀ। ਇਹ ਵਹੀਰ ਗੁਰਮਤਿ ਸਿਧਾਂਤਾਂ, ਪੰਥਕ ਏਕਤਾ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਕੱਢੀ ਜਾਵੇਗੀ। ਗੁਰੂ ਸਾਹਿਬਾਨ ਦੇ ਦੱਸੇ ਮਾਰਗ ’ਤੇ ਚੱਲਦਿਆਂ ਇਹ ਵਹੀਰ ਸੱਚ, ਨਿਆਂ ਅਤੇ ਧਰਮ ਦੀ ਰੱਖਿਆ ਦਾ ਸੰਦੇਸ਼ ਦੇਵੇਗੀ ਅਤੇ ਅਨਿਆਂ, ਜ਼ੁਲਮ ਤੇ ਸਮਾਜਿਕ ਬੁਰਾਈਆਂ ਦੇ ਖ਼ਿਲਾਫ਼ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਆਵਾਜ਼ ਬਣੇਗੀ। ਇਸ ਮੌਕੇ ਤੇ ਪਾਰਟੀ ਆਗੂਆਂ ਵੱਲੋਂ ਕਿਹਾ ਗਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉੱਤੇ ਲਗਾਏ ਨਾਜਾਇਜ਼ ਐਨ ਐਸ ਏ ਦੇ ਵਿਰੋਧ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ 10 ਫਰਵਰੀ ਨੂੰ ਵਿਸ਼ਾਲ ਰੋਸ ਮਾਰਚ ਕੀਤਾ ਜਾਵੇਗਾ। ਇਹ ਰੋਸ ਮਾਰਚ ਚੰਡੀਗੜ੍ਹ ਪਹੁੰਚ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦਾ ਘਿਰਾਓ ਕਰਦਿਆਂ ਸਰਕਾਰ ਨੂੰ ਸਖ਼ਤ ਸੁਨੇਹਾ ਦੇਵੇਗਾ। ਪਾਰਟੀ ਨੇ ਸਪਸ਼ਟ ਕੀਤਾ ਕਿ ਜਦ ਤੱਕ ਸਿੱਖ ਕੈਦੀਆਂ ਨੂੰ ਇਨਸਾਫ਼ ਨਹੀਂ ਮਿਲਦਾ, ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸਦੇ ਨਾਲ ਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਵੱਡਾ ਐਲਾਨ ਕਰਦਿਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਉਣ ਦਾ ਦ੍ਰਿੜ੍ਹ ਸੰਕਲਪ ਦੁਹਰਾਇਆ। ਪਾਰਟੀ ਨੇ ਐਲਾਨ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਾਰੇ ਧਰਮਾਂ ਅਤੇ ਵਰਗਾਂ ਦੇ ਸਹਿਯੋਗ ਨਾਲ ਪੰਜਾਬ ਦੀਆਂ 117 ਦੀਆਂ 117 ਸੀਟਾਂ ’ਤੇ ਚੋਣ ਲੜੇਗਾ। ਪਾਰਟੀ ਪੰਜਾਬ ਦੇ ਪੰਜਾਬ ਦੇ ਪਿੰਡ-ਪਿੰਡ, ਸ਼ਹਿਰ-ਸ਼ਹਿਰ ਤੱਕ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਆਪਣੇ ਹੱਕਾਂ, ਇਤਿਹਾਸ ਅਤੇ ਪੰਥਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰੇਗਾ। ਪਾਰਟੀ ਨੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਸੂਬੇ ਦੇ ਹਰ ਵਰਗ ਨੂੰ ਇਕਜੁੱਟ ਹੋਣ ਦੀ ਅਪੀਲ ਕੀਤੀ। ਇਸ ਮੌਕੇ ਤੇ ਕਿਹਾ ਗਿਆ ਕਿ ਕੇਂਦਰ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੋਣਾਂ ਨਾ ਕਰਵਾਉਣਾ ਸਿੱਖਾਂ ਦੇ ਲੋਕਤੰਤਰਿਕ ਹੱਕਾਂ ਦੀ ਖੁੱਲ੍ਹੀ ਉਲੰਘਣਾ ਹੈ। ਇਹ ਰਵੱਈਆ ਸਿੱਖ ਮਾਮਲਿਆਂ ਵਿੱਚ ਸਿੱਧੀ ਸਰਕਾਰੀ ਦਖਲਅੰਦਾਜ਼ੀ ਹੈ, ਜਿਸ ਰਾਹੀਂ ਪੰਥਕ ਸੰਸਥਾਵਾਂ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਇਸ ਗੈਰ-ਸੰਵਿਧਾਨਕ ਦਖਲ ਦਾ ਤਿੱਖਾ ਵਿਰੋਧ ਕਰਦਾ ਹੈ ਅਤੇ ਤੁਰੰਤ ਚੋਣਾਂ ਕਰਵਾਉਣ ਦੀ ਮੰਗ ਕਰਦਾ ਹੈ। ਅੰਤ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਤੇ ਕੀਤਾ ਗਿਆ ਇਹ ਪੰਥਕ ਇਕੱਠ ਪੰਜਾਬ ਅਤੇ ਪੰਥ ਦੀ ਮੁਕਤੀ ਲਈ ਸ਼ੁਰੂ ਹੋਈ ਨਵੀਂ ਲਹਿਰ ਦੀ ਮਜ਼ਬੂਤ ਬੁਨਿਆਦ ਹੈ। ਇਸ ਕਾਨਫਰੰਸ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਖਡੂਰ ਸਾਹਿਬ ਵਿੱਚ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਤੋਂ ਇਲਾਵਾ ਮਾਤਾ ਬਲਵਿੰਦਰ ਕੌਰ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰ ਬਾਬੂ ਸਿੰਘ ਬਰਾੜ, ਸ੍ਰ ਕਾਬੁਲ ਸਿੰਘ, ਬੀਬੀ ਸਤਨਾਮ ਕੌਰ, ਚਰਨਦੀਪ ਸਿੰਘ ਭਿੰਡਰ, ਭਾਈ ਗੁਰਸੇਵਕ ਸਿੰਘ ਜਵਾਰਕੇ, ਭਾਈ ਪ੍ਰਿਥੀਪਾਲ ਸਿੰਘ, ਭਾਈ ਗੁਰਲਾਲ ਸਿੰਘ ਪੰਨੂ, ਬੀਬੀ ਸੰਦੀਪ ਕੌਰ, ਭਾਈ ਜਸਵਿੰਦਰ ਸਿੰਘ ਬਾਦਲ, ਚਾਚਾ ਪ੍ਰਗਟ ਸਿੰਘ, ਹਰਪਾਲ ਸਿੰਘ ਖਾਰਾ, ਭਾਈ ਬਰਜਿੰਦਰ ਸਿੰਘ ਹੁਸੈਨਪੁਰ, ਭਾਈ ਇਮਾਨ ਸਿੰਘ ਖਾਰਾ, ਸ਼ਮਸ਼ੇਰ ਸਿੰਘ ਪੱਧਰੀ, ਪ੍ਰਗਟ ਸਿੰਘ ਮੀਆਂਵਿੰਡ, ਅਜੇਪਾਲ ਸਿੰਘ ਢਿਲੋਂ, ਮਨਪ੍ਰੀਤ ਸਿੰਘ ਇਆਲੀ, ਕਮਲਜੀਤ ਸਿੰਘ ਬਰਾੜ, ਰਾਜੀਵ ਕੁਮਾਰ ਲਵਲੀ, ਸ੍ਰ ਲੱਖਾ ਸਿੰਘ ਸਿਧਾਣਾਂ, ਭਾਨਾ ਸਿੱਧੂ, ਤੇਜਿੰਦਰ ਸਿੰਘ ਢਿਲੋਂ, ਐਡਵੋਕੇਟ ਹਰਜੋਤ ਸਿੰਘ ਮਾਨ, ਦਲਜੀਤ ਸਿੰਘ ਜਵੰਦਾ, ਮਨਦੀਪ ਸਿੰਘ ਸਿੱਧੂ, ਨਵਜੋਤ ਕੌਰ ਲੰਬੀ, ਸ੍ਰ ਨਵਤੇਜ ਸਿੰਘ ਛੱਜਲਵੱਡੀ, ਚਮਕੌਰ ਸਿੰਘ ਧੁੰਨ, ਜਸਕਰਨ ਸਿੰਘ ਰਿਆੜ, ਐਡਵੋਕੇਟ ਕਰਮਵੀਰ ਸਿੰਘ ਪੰਨੂੰ, ਜੁਗਰਾਜ ਸਿੰਘ ਲਾਲੇਨੰਗਲ, ਦਲੇਰ ਸਿੰਘ ਡੋਡ, ਪ੍ਰਿਤਪਾਲ ਸਿੰਘ ਮੀਰਾਂਕੋਟ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਸਰਬਜੀਤ ਸਿੰਘ ਖਾਨਪੁਰ, ਅਮਨਦੀਪ ਸਿੰਘ ਡੱਡੂਆਣਾਂ, ਕਰਨਵੀਰ ਸਿੰਘ, ਹਾਜੀ ਬਿੱਟੂ ਚੌਹਾਨ, ਨਾਥਵਿੰਦਰ ਸਿੰਘ ਮਜੀਠਾ, ਨਵਦੀਪ ਸਿੰਘ ਜਲਬੇੜਾ, ਸੰਦੀਪ ਸਿੰਘ ਰੁਪਾਲੋਂ, ਗੁਰਵਿੰਦਰ ਸਿੰਘ ਚਾਵਲਾ, ਬੀਬੀ ਮਨਜੀਤ ਕੌਰ, ਭਾਈ ਦਇਆ ਸਿੰਘ, ਭਾਈ ਮਨਜਿੰਦਰ ਸਿੰਘ ਕਲੇਰ, ਸ੍ਰ ਹਰਜਿੰਦਰ ਸਿੰਘ ਪਿਤਾ ਪ੍ਰਧਾਨ ਮੰਤਰੀ ਬਾਜੇਕੇ, ਭਾਈ ਜਤਨ ਸਿੰਘ ਖਾਲਸਾ, ਸੁਖਦੇਵ ਸਿੰਘ ਕਾਦੀਆਂ, ਸਰਪੰਚ ਬਲਜੀਤ ਸਿੰਘ, ਨਿਰਮਲ ਸਿੰਘ ਜੱਸੇਆਣਾਂ, ਕ੍ਰਿਸ਼ਨ ਸਿੰਘ ਰੁਪਾਣਾ, ਕੈਪਟਨ ਪਰਮਜੀਤ ਸਿੰਘ, ਭਾਈ ਮਨਦੀਪ ਸਿੰਘ, ਸਵਾਮੀ ਸ਼ੂਨਿਆ ਜੀ, ਬਾਬਾ ਬਿਬੇਕ ਸਿੰਘ ਜੀ, ਸੁਖਬੀਰ ਸਿੰਘ ਵਲਟੋਹਾ ਅਤੇ ਗੁਰਪ੍ਰੀਤ ਸਿੰਘ ਘਾਂਗਾ ਤੋਂ ਇਲਾਵਾ ਸੈਂਕੜੇ ਆਗੂ ਤੇ ਵਰਕਰ ਹਾਜਰ ਸਨ।

**☛ 2027 ਲਈ ਵੱਡਾ ਐਲਾਨ: ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਯੋਗ ਅਗਵਾਈ ਵਿੱਚ ਸਰਕਾਰ ਬਣਾਉਣ ਦਾ ਸੰਕਲਪ ☛ ਬੰਦੀ ਛੋੜ ਖ਼ਾਲਸਾ ਵਹੀਰ ਸ਼ੁਰੂ ਕਰਨ ਅਤੇ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦੇ ਪ੍ਰੋਗਰਾਮਾਂ ਦਾ ਐਲਾਨ**

## ਐਸਜੀਪੀਸੀ ਨੂੰ 328 ਗੁੰਮਸ਼ੁਦਾ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਚੱਲ ਰਹੀ ਜਾਂਚ ਵਿਚ ਕਰਨਾ ਚਾਹੀਦਾ ਹੈ ਹਰ ਤਰ੍ਹਾਂ ਸਹਿਯੋਗ: ਮਾਨ




ਨਵੀਂ ਦਿੱਲੀ, 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਕਿਉਂਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪ ਗੁਪਤ ਰੂਪ ਵਿਚ ਐਸ.ਜੀ.ਪੀ.ਸੀ ਦੀ ਨਿਗਰਾਨੀ ਹੇਠ ਬਹੁਤ ਲੰਮਾਂ ਸਮਾਂ ਪਹਿਲੇ ਅਲੋਪ ਕੀਤੇ ਗਏ ਸਨ, ਉਸ ਸੰਬੰਧੀ ਸਮੁੱਚੇ ਸੰਸਾਰ ਵਿਚ ਬੈਠੇ ਹਰ ਸਿੱਖ ਦੇ ਮਨ-ਆਤਮਾ ਕੁਰਲਾ ਉੱਠੇ ਸਨ ਅਤੇ ਸਿੱਖ ਕੌਮ ਦੀ ਇਹ ਸੰਜ਼ੀਦਗੀ ਭਰੀ ਡੂੰਘੀ ਮੰਗ ਸੀ ਕਿ ਇਨ੍ਹਾਂ ਗੁੰਮਸੁਦਾ ਹੋਏ ਪਾਵਨ ਸਰੂਪਾਂ ਦੀ ਨਿਰਪੱਖਤਾ ਨਾਲ ਜਾਂਚ ਕਰਵਾਕੇ ਸਾਡੇ ਪਾਵਨ ਸਰੂਪ ਲੱਭੇ ਜਾਣ ਕਿ ਉਹ ਕਿਥੇ ਗਏ ਹਨ, ਕਿਸ ਰੂਪ ਹਨ, ਉਨ੍ਹਾਂ ਨੂੰ ਪੂਰਨ ਮਰਿਯਾਦਾ ਅਨੁਸਾਰ ਪਹੁੰਚਾਇਆ ਗਿਆ ਹੈ ਜਾਂ ਨਹੀ ਅਤੇ ਇਸ ਲਈ ਐਸ.ਜੀ.ਪੀ.ਸੀ ਦੇ ਕਿਹੜੇ-ਕਿਹੜੇ ਅਧਿਕਾਰੀ ਜਿੰਮੇਵਾਰ ਹਨ, ਉਨ੍ਹਾਂ ਵਿਰੁੱਧ ਪਹਿਲੇ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਅਗਜੈਕਟਿਵ ਕਮੇਟੀ ਵੱਲੋ ਖ਼ਾਲਸਾ ਪੰਥ ਦੀ ਮੰਗ ਅਨੁਸਾਰ ਪਹਿਲੋ ਹੀ ਬਣਦੀ ਕਾਰਵਾਈ ਕਰਨੀ ਬਣਦੀ ਸੀ । ਪਰ ਜਦੋ ਇਸ ਗੰਭੀਰ ਵਿਸੇ ਉਤੇ ਲੰਮੇ ਸਮੇ ਤੋ ਅਣਗਹਿਲੀ ਅਤੇ ਸਾਜਿਸਾਂ ਹੁੰਦੀਆ ਆ ਰਹੀਆ ਹਨ ਤਾਂ ਖ਼ਾਲਸਾ ਪੰਥ ਵਿਚ ਇਸ ਗੁੰਮਸੁਦਗੀ ਉਤੇ ਸੰਕੇ ਹੋਰ ਵੀ ਗਹਿਰੇ ਹੁੰਦੇ ਰਹੇ ਹਨ । ਜਦੋ ਐਸ.ਜੀ.ਪੀ.ਸੀ ਦੇ ਅਧਿਕਾਰੀਆ ਨੇ ਆਪਣੀ ਜਿੰਮੇਵਾਰੀ ਨੂੰ ਨਾ ਨਿਭਾਇਆ ਤਾਂ ਸ. ਬਲਦੇਵ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਐਕਟਿੰਗ ਪ੍ਰਧਾਨ ਸ. ਇਮਾਨ ਸਿੰਘ ਮਾਨ ਅਤੇ ਹੋਰ ਕਈ ਪੰਥਕ ਸਖਸ਼ੀਅਤਾਂ ਵੱਲੋ ਇਸ ਵਿਰੁੱਧ ਰੋਸ ਪ੍ਰਗਟ ਕਰਦੇ ਹੋਏ ਅਮਲ ਕੀਤੇ ਗਏ ਅਤੇ ਇਹ ਵਿਸਾ ਹਾਈਕੋਰਟ ਵਿਚ ਪਹੁੰਚਿਆ ਜਿਸਦੀ ਬਦੌਲਤ ਹਾਈਕੋਰਟ ਨੇ ਇਸ ਮਸਲੇ ਤੇ ਐਫ.ਆਈ.ਆਰ. ਦਰਜ ਕਰਨ ਅਤੇ ਅਗਲੇਰੇ ਕਾਨੂੰਨੀ ਅਮਲ ਕਰਨ ਦੇ ਹੁਕਮ ਕੀਤੇ । ਜਿਸਦੀ ਬਦੌਲਤ ਸਰਕਾਰ ਵੱਲੋ ਐਸ.ਆਈ.ਟੀ ਕਾਇਮ ਕਰਕੇ ਇਸਦੀ ਜਾਂਚ ਸੁਰੂ ਕਰਵਾਈ ਗਈ । ਪਰ ਜਦੋ ਇਹ ਜਾਂਚ ਨਤੀਜੇ ਵੱਲ ਜਾਣ ਲੱਗੀ ਤਾਂ ਐਸ.ਜੀ.ਪੀ.ਸੀ ਦੇ ਮੌਜੂਦਾ ਪ੍ਰਧਾਨ ਵੱਲੋ ਐਸ.ਆਈ.ਟੀ ਨੂੰ ਤੇ ਸਰਕਾਰ ਨੂੰ ਸਹਿਯੋਗ ਕਰਨ ਤੋ ਨਾਂਹ ਕਰ ਦਿੱਤੀ । ਜਿਸ ਨਾਲ ਖ਼ਾਲਸਾ ਪੰਥ ਵਿਚ ਫਿਰ ਵੱਡਾ ਰੋਹ ਉੱਠ ਖੜਾ ਹੋਇਆ । ਇਸ ਸਮੁੱਚੀ ਸਥਿਤੀ ਨੂੰ ਸਮਝਦੇ ਹੋਏ ਜੋ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜਥੇ. ਕੁਲਦੀਪ ਸਿੰਘ ਗੜਗੱਜ ਨੇ ਐਸ.ਜੀ.ਪੀ.ਸੀ ਨੂੰ ਇਸ ਜਾਂਚ ਵਿਚ ਸਹਿਯੋਗ ਕਰਨ ਦੇ ਲਿਖਤੀ ਹੁਕਮ ਕੀਤੇ ਹਨ, ਇਹ ਨਿਰਪੱਖਤਾ ਵਾਲਾ ਸਵਾਗਤਯੋਗ ਕਦਮ ਹੈ ਅਤੇ ਅਸੀ ਐਸ.ਜੀ.ਪੀ.ਸੀ ਨੂੰ ਇਹ ਗੁਜਾਰਿਸ ਕਰਨੀ ਚਾਹਵਾਂਗੇ ਕਿ ਇਸ ਵਿਚ ਹਰ ਤਰ੍ਹਾਂ ਸਹਿਯੋਗ ਕਰਦੇ ਹੋਏ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਕਰਨ ਵਿਚ ਯੋਗਦਾਨ ਪਾਇਆ ਜਾਵੇ ਅਤੇ ਜੋ ਵੀ ਵਿਅਕਤੀ ਕਿੰਨੇ ਵੀ ਵੱਡੇ ਤੋ ਵੱਡੇ ਅਹੁਦੇ ਤੇ ਕਿਉ ਨਾ ਬੈਠਾ ਹੋਵੇ, ਉਸ ਦੋਸ਼ੀ ਵਿਰੁੱਧ ਕਾਨੂੰਨੀ ਅਮਲ ਹਰ ਕੀਮਤ ਤੇ ਹੋਣਾ ਚਾਹੀਦਾ ਹੈ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 328 ਪਾਵਨ ਸਰੂਪਾਂ ਦੀ ਗੁੰਮਸੁਦਗੀ ਦੇ ਹੋਏ ਦੁੱਖਦਾਇਕ ਅਮਲ ਦੀ ਚੱਲ ਰਹੀ ਜਾਂਚ ਵਿਚ ਐਸ.ਜੀ.ਪੀ.ਸੀ ਨੂੰ ਹਰ ਤਰ੍ਹਾਂ ਸਹਿਯੋਗ ਕਰਨ ਦੀ ਗੱਲ ਕਰਦੇ ਹੋਏ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋ ਐਸ.ਜੀ.ਪੀ.ਸੀ ਨੂੰ ਇਸ ਵਿਸੇ ਤੇ ਸਹੀ ਸਮੇ ਤੇ ਕੀਤੇ ਗਏ ਹੁਕਮ ਦਾ ਸਵਾਗਤ ਕਰਦੇ ਹੋਏ ਪ੍ਰਗਟ ਕੀਤੇ ।

## ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਲੋਨੀ ਰੋਡ ਦੇ ਬੱਚਿਆਂ ਦਾ ਤਖ਼ਤ ਪਟਨਾ ਸਾਹਿਬ ਵਿੱਚ ਸਨਮਾਨ

### ਬੱਚਿਆਂ ਨੇ ਕੀਰਤਨ ਅਤੇ ਢਾਡੀ ਪ੍ਰਸੰਗਾਂ ਰਾਹੀਂ ਸੰਗਤ ਦਾ ਮਨ ਮੋਹਿਆ

ਨਵੀਂ ਦਿੱਲੀ 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਵਿਸ਼ੇਸ਼ ਨਿਮੰਤਰਣ ’ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਲੋਨੀ ਰੋਡ ਦੇ ਬੱਚਿਆਂ ਨੇ ਮਾਘੀ ਦੀ ਸੰਗਰਾਂਦ ਦੇ ਮੌਕੇ ’ਤੇ ਤਖ਼ਤ ਪਟਨਾ ਸਾਹਿਬ ਪਹੁੰਚ ਕੇ ਗੁਰਬਾਣੀ ਕੀਰਤਨ ਅਤੇ ਢਾਡੀ ਪ੍ਰਸੰਗਾਂ ਰਾਹੀਂ ਸੰਗਤ ਨੂੰ ਸ਼੍ਰਵਣ ਕਰਵਾਇਆ। ਇਸ ਮੌਕੇ ਬੱਚਿਆਂ ਦੇ ਨਾਲ ਪੰਜਾਬੀ ਅਧਿਆਪਕ ਪ੍ਰਕਾਸ਼ ਸਿੰਘ ਗਿੱਲ, ਜਸਵਿੰਦਰ ਕੌਰ ਅਤੇ ਹਰਵਿੰਦਰ ਕੌਰ ਵੀ ਹਾਜ਼ਰ ਰਹੇ। ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਵੱਲੋਂ ਬੱਚਿਆਂ ਅਤੇ ਅਧਿਆਪਕਾਂ ਨੂੰ ਸਿਰੋਪਾਓ ਭੇਟ ਕੀਤਾ ਗਿਆ। ਬੱਚਿਆਂ ਦੀ ਪ੍ਰਸਤੁਤੀ ਤੋਂ ਪ੍ਰਸੰਨ ਹੋ ਕੇ ਕਮੇਟੀ ਨੇ ਆਉਣ ਵਾਲੇ ਪ੍ਰਕਾਸ਼ ਪੁਰਬ ਮੌਕੇ ਮੁੜ ਬੱਚਿਆਂ ਨੂੰ ਸੱਦਾ ਦੇ ਕੇ ਢਾਡੀ ਪ੍ਰਸੰਗ ਕਰਵਾਉਣ ਦੀ ਇੱਛਾ ਪ੍ਰਗਟ ਕੀਤੀ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ, ਮਹਾਸਚਿਵ ਸ. ਇੰਦਰਜੀਤ ਸਿੰਘ, ਸੀਨੀਅਰ ਉਪ-ਪ੍ਰਧਾਨ ਸ. ਲਖਵਿੰਦਰ ਸਿੰਘ, ਉਪ-ਪ੍ਰਧਾਨ ਸ. ਗੁਰਵਿੰਦਰ ਸਿੰਘ, ਸਕੱਤਰ ਸ. ਹਰਬੰਸ ਸਿੰਘ, ਧਰਮ ਪ੍ਰਚਾਰ ਚੇਅਰਮੈਨ ਸ. ਮਹਿੰਦਰਪਾਲ ਸਿੰਘ ਢਿੱਲੋਂ ਅਤੇ ਮੀਡੀਆ ਇੰਚਾਰਜ ਸ. ਸੁਦੀਪ ਸਿੰਘ ਵੱਲੋਂ ਬੱਚਿਆਂ ਨੂੰ ਸਮ੍ਰਿਤੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਸ. ਜਗਜੋਤ ਸਿੰਘ ਸੋਹੀ ਅਤੇ ਸ. ਇੰਦਰਜੀਤ ਸਿੰਘ ਸਮੇਤ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ ’ਤੇ ਸ. ਪ੍ਰਕਾਸ਼ ਸਿੰਘ ਗਿੱਲ ਅਤੇ ਜਸਵਿੰਦਰ ਕੌਰ ਮੈਡਮ ਦੀ ਪ੍ਰਸ਼ੰਸਾ ਕੀਤੀ ਗਈ, ਜਿਨ੍ਹਾਂ ਨੇ ਬੱਚਿਆਂ ਦੇ ਢਾਡੀ ਜੱਥੇ ਨੂੰ ਤਿਆਰ ਕੀਤਾ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਢਾਡੀ ਪ੍ਰਥਾ ਕਿਤੇ ਨਾ ਕਿਤੇ ਲੁਪਤ ਹੋ ਰਹੀ ਹੈ, ਪਰ ਜੇ ਇਸ ਤਰ੍ਹਾਂ ਹੋਰ ਸਕੂਲ ਵੀ ਬੱਚਿਆਂ ਨੂੰ ਢਾਡੀ ਪਰੰਪਰਾ ਨਾਲ ਜੋੜਣ ਦੇ ਯਤਨ ਕਰਨ, ਤਾਂ ਕਈ ਬੱਚੇ ਢਾਡੀ ਪ੍ਰਸੰਗਾਂ ਰਾਹੀਂ ਸੰਗਤ ਨੂੰ ਗੁਰੂ ਇਤਿਹਾਸ ਨਾਲ ਜਾਣੂ ਕਰਵਾ ਸਕਦੇ ਹਨ। ਸ. ਪ੍ਰਕਾਸ਼ ਸਿੰਘ ਗਿੱਲ ਵੱਲੋਂ ਸਮੂਹ ਤਖ਼ਤ ਸਾਹਿਬ ਪ੍ਰਬੰਧਕ ਕਮੇਟੀ ਅਤੇ ਖਾਸ ਕਰਕੇ ਮੀਡੀਆ ਇੰਚਾਰਜ ਸ. ਸੁਦੀਪ ਸਿੰਘ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਬੱਚਿਆਂ ਨੂੰ ਨਿਮੰਤਰਣ ਦੇ ਕੇ ਤਖ਼ਤ ਸਾਹਿਬ ਵਿੱਚ ਨਤਮਸਤਕ ਹੋ ਕੇ ਗੁਰਬਾਣੀ ਕੀਰਤਨ ਅਤੇ ਢਾਡੀ ਪ੍ਰਸੰਗ ਪੇਸ਼ ਕਰਨ ਦਾ ਮੌਕਾ ਦਿੱਤਾ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਜਦੋਂ ਵੀ ਤਖ਼ਤ ਸਾਹਿਬ ਕਮੇਟੀ ਵੱਲੋਂ ਮੌਕਾ ਦਿੱਤਾ ਜਾਵੇਗਾ, ਉਹ ਜ਼ਰੂਰ ਆ ਕੇ ਸੇਵਾ ਨਿਭਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਰਤ ਸਰਕਾਰ ਦੇ ਏਜੰਟ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਲਹਿਰ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣ ਲਈ

# ਕਰ ਰਹੇ ਹਨ 'ਬਿਸ਼ਨੋਈ ਵਰਗੇ ਸਮੂਹਾਂ' ਦੀ ਵਰਤੋਂ: ਆਰਸੀਐਮਪੀ



**ਨਵੀਂ ਦਿੱਲੀ 14 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਰੋਇਲ ਕੈਨੇਡੀਅਨ ਮਾਊਂਟਨ ਪੁਲਿਸ (ਆਰਸੀਐਮਪੀ) ਰਾਸ਼ਟਰੀ ਸੁਰੱਖਿਆ ਵਿਭਾਗ ਨੇ ਇੱਕ ਤਿੰਨ ਪੰਨਿਆਂ ਦੀ ਰਿਪੋਰਟ ਵਿੱਚ ਅੱਧਾ ਦਰਜਨ ਵਾਰ ਲਾਰੈਂਸ ਬਿਸ਼ਨੋਈ ਗੈਂਗ ਬਾਰੇ ਭਾਰਤ ਸਰਕਾਰ ਨਾਲ ਅਪਰਾਧ ਸਮੂਹ ਦੇ ਕਥਿਤ ਸਬੰਧਾਂ ਦਾ ਜ਼ਿਕਰ ਕੀਤਾ ਹੈ। ਪਿਛਲੇ ਸਾਲ ਅੰਦਰੂਨੀ ਤੌਰ 'ਤੇ ਵੰਡਿਆ ਗਿਆ, ਇਹ ਦਸਤਾਵੇਜ਼ ਕੈਨੇਡਾ ਵਿੱਚ ਬਿਸ਼ਨੋਈ ਗੈਂਗ ਦੀ ਵਧਦੀ ਮੌਜੂਦਗੀ ਦਾ ਇੱਕ ਵਰਗੀਕ੍ਰਿਤ ਮੁਲਾਂਕਣ ਹੈ। ਸੂਚਨਾ ਤੱਕ ਪਹੁੰਚ ਐਕਟ ਦੇ ਤਹਿਤ ਸੋਮਵਾਰ ਨੂੰ ਇਸਦੀ ਇੱਕ ਕਾਪੀ ਇਕ ਕੈਨੇਡੀਅਨ ਮੀਡੀਆ ਨੂੰ ਜਾਰੀ ਕੀਤੀ ਗਈ। ਰਿਪੋਰਟ ਦੇ ਅਨੁਸਾਰ, ਬਿਸ਼ਨੋਈ ਕ੍ਰਾਈਮ ਗਰੁੱਪ ਇੱਕ ਹਿੰਸਕ ਅਪਰਾਧਿਕ ਸੰਗਠਨ ਹੈ ਜਿਸਦੀ ਕੈਨੇਡਾ ਸਮੇਤ ਕਈ ਦੇਸ਼ਾਂ ਵਿੱਚ ਸਰਗਰਮ, ਨਿਰੰਤਰ ਵਧਦੀ ਮੌਜੂਦਗੀ ਹੈ। ਆਰਸੀਐਮਪੀ ਨੇ ਨੋਟ ਕੀਤਾ ਹੈ ਕਿ ਰਾਜਨੀਤਿਕ ਜਾਂ ਧਾਰਮਿਕ ਉਦੇਸ਼ਾਂ ਦੀ ਬਜਾਏ ਲਾਲਚ ਦੁਆਰਾ ਪ੍ਰੇਰਿਤ, ਬਿਸ਼ਨੋਈ ਗਿਰੋਹ ਜਬਰਦਸਤੀ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਮਨੀ-ਲਾਂਡਰਿੰਗ ਅਤੇ ਕੰਟਰੈਕਟ ਕਿਲਿੰਗ ਕਰਦਾ ਹੈ। ਬਿਸ਼ਨੋਈ ਕ੍ਰਾਈਮ ਗਰੁੱਪ ਭਾਰਤ ਸਰਕਾਰ ਵੱਲੋਂ ਕੰਮ ਕਰਦੇ ਹੋਏ ਆਪਣੇ ਅਪਰਾਧਿਕ ਉੱਦਮ ਨੂੰ ਅੱਗੇ ਵਧਾਉਣ ਲਈ ਹਿੰਸਾ ਦੀ ਵਰਤੋਂ ਕਰਨ ਲਈ ਜਾਣਿਆ ਜਾਂਦਾ ਹੈ, ਅਤੇ ਓਸਨੂੰ "ਪ੍ਰੋਟੈਕਟਡ ਏ" ਵਜੋਂ ਚਿੰਨ੍ਹਿਤ ਬ੍ਰੀਫਿੰਗ ਵਿੱਚ ਕਿਹਾ ਗਿਆ। ਹਾਲਾਂਕਿ ਇਹ ਰਿਪੋਰਟ ਪੁਰਾਣੀ ਨਹੀਂ ਹੈ ਪਰ ਬੀਸੀ ਪ੍ਰੀਮੀਅਰ ਡੇਵਿਡ ਐਬੀ ਦੇ 17 ਜੂਨ, 2025 ਦੇ ਬਿਆਨ ਦਾ ਹਵਾਲਾ ਦਿੰਦੀ ਹੈ ਜਿਸ ਵਿੱਚ ਸਰਕਾਰ ਨੂੰ ਬਿਸ਼ਨੋਈ ਗੈਂਗ ਨੂੰ ਅੱਤਵਾਦੀ ਸੰਗਠਨ ਵਜੋਂ ਸੂਚੀਬੱਧ ਕਰਨ ਲਈ ਕਿਹਾ ਗਿਆ ਸੀ।

> **ਰੋਇਲ ਕੈਨੇਡੀਅਨ ਮਾਊਂਟਨ ਪੁਲਿਸ ਵਲੋਂ ਜਾਰੀ ਰਿਪੋਰਟ ਵਿਚ ਬਿਸ਼ਨੋਈ ਗੈਂਗ ਦਾ ਭਾਰਤ ਸਰਕਾਰ ਨਾਲ ਅਪਰਾਧ ਸਮੂਹ ਦੇ ਕਥਿਤ ਸਬੰਧਾਂ ਦਾ ਜ਼ਿਕਰ**

ਇਹ ਆਰਸੀਐਮਪੀ ਦੁਆਰਾ ਉਸੇ ਦਿਨ ਜਾਰੀ ਕੀਤਾ ਗਿਆ ਸੀ ਜਦੋਂ ਈਬੀ ਨੇ 12-17 ਜਨਵਰੀ ਨੂੰ ਭਾਰਤ ਲਈ ਵਪਾਰ ਮਿਸ਼ਨ ਸ਼ੁਰੂ ਕੀਤਾ ਸੀ । ਕਥਿਤ ਤੌਰ 'ਤੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਵੀ ਇਸ ਸਾਲ ਦੇ ਅੰਤ ਵਿੱਚ ਭਾਰਤ ਦਾ ਦੌਰਾ ਕਰਨ ਦਾ ਇਰਾਦਾ ਰੱਖਦੇ ਹਨ। ਇਹ ਕੂਟਨੀਤਕ ਦਬਾਅ ਕੈਨੇਡਾ ਦੀ ਵਪਾਰਕ ਭਾਈਵਾਲੀ ਨੂੰ ਵਿਭਿੰਨ ਬਣਾਉਣ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਗਵਾਈ ਵਾਲੀ ਅਨਿਯਮਿਤ ਟੈਰਿਫ ਸ਼ਾਸਨ ਨੂੰ ਆਫਸੈੱਟ ਕਰਨ ਦੇ ਇੱਕ ਵਿਆਪਕ ਯਤਨ ਦਾ ਹਿੱਸਾ ਹੈ।

ਭਾਰਤ ਦੀ ਕਥਿਤ ਹਿੰਸਾ ਮੁਹਿੰਮ ਦੇ ਮੁੱਖ ਨਿਸ਼ਾਨੇ ਵਾਲੇ ਕੈਨੇਡੀਅਨ ਸਿੱਖਾਂ ਦੀ ਨੁਮਾਇੰਦਗੀ ਕਰਨ ਵਾਲੀਆਂ ਸੰਸਥਾਵਾਂ ਨੇ ਭਾਰਤ ਨਾਲ ਸਬੰਧਾਂ ਨੂੰ ਡੂੰਘਾ ਕਰਨ ਦੀਆਂ ਕੋਸ਼ਿਸ਼ਾਂ ਦਾ ਵਿਰੋਧ ਕੀਤਾ ਹੈ। ਉਹ ਸਿਆਸਤਦਾਨਾਂ 'ਤੇ ਦੋਸ਼ ਲਗਾਉਂਦੇ ਹਨ ਕਿ ਉਹ ਦੱਖਣੀ ਏਸ਼ੀਆਈ ਕੈਨੇਡੀਅਨਾਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਕਥਿਤ ਕਤਲੇਆਮ ਦੀਆਂ ਸਾਜ਼ਿਸ਼ਾਂ ਲਈ ਭਾਰਤ ਨੂੰ ਜ਼ਿੰਮੇਵਾਰ ਠਹਿਰਾਉਣ ਦੀ ਬਜਾਏ ਬਿਹਤਰ ਵਪਾਰ ਨੂੰ ਤਰਜੀਹ ਦੇ ਕੇ ਉਨ੍ਹਾਂ ਨਾਲ ਧੋਖਾ ਕਰ ਰਹੇ ਹਨ ।

ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਆਰਸੀਐਮਪੀ ਅਤੇ ਕੈਨੇਡਾ ਸਰਕਾਰ ਸਪੱਸ਼ਟ ਤੌਰ 'ਤੇ ਜਾਣੂ ਹਨ ਕਿ ਬਿਸ਼ਨੋਈ ਗੈਂਗ ਕੈਨੇਡਾ ਵਿੱਚ ਵਿਅਕਤੀਆਂ ਨੂੰ ਨਿਸ਼ਾਨਾ ਬਣਾਉਣ ਲਈ ਭਾਰਤ ਸਰਕਾਰ ਨਾਲ ਤਾਲਮੇਲ ਕਰਕੇ ਕੰਮ ਕਰ ਰਿਹਾ ਹੈ। ਪਰ ਰਾਜਨੀਤਿਕ ਸਹੂਲਤ ਲਈ, ਇਸ ਹਕੀਕਤ ਨੂੰ ਘਟਾ ਕੇ ਛੁਪਾਇਆ ਜਾ ਰਿਹਾ ਹੈ। ਇਹ ਬਹੁਤ ਹੀ ਪਰੇਸ਼ਾਨ ਕਰਨ ਵਾਲੀ ਗੱਲ ਹੈ ਕਿ ਕੈਨੇਡੀਅਨ ਸਰਕਾਰ ਕੈਨੇਡੀਅਨਾਂ ਦੀ ਸੁਰੱਖਿਆ ਦੀ ਕੀਮਤ 'ਤੇ ਭਾਰਤ ਦੀ ਅੰਤਰਰਾਸ਼ਟਰੀ ਦਮਨ ਦੀ ਚੱਲ ਰਹੀ ਮੁਹਿੰਮ ਅਤੇ ਬਿਸ਼ਨੋਈ ਗੈਂਗ ਨਾਲ ਇਸ ਦੇ ਸਪੱਸ਼ਟ ਸਬੰਧਾਂ ਨੂੰ ਨਜ਼ਰਅੰਦਾਜ਼ ਕਰਨ ਲਈ ਤਿਆਰ ਜਾਪਦੀ ਹੈ। ਜਿਕਰਯੋਗ ਹੈ ਕਿ 18 ਜੂਨ, 2023 ਨੂੰ ਸਰੀ, ਬੀਸੀ ਵਿੱਚ ਇੱਕ ਸਿੱਖ ਗੁਰਦੁਆਰੇ ਦੇ ਆਗੂ ਭਾਈ ਹਰਦੀਪ ਸਿੰਘ ਨਿੱਝਰ ਦੀ ਗੋਲੀ ਮਾਰ ਕੇ ਹੱਤਿਆ ਤੋਂ ਬਾਅਦ ਕੈਨੇਡਾ ਵਿੱਚ ਹਿੰਸਾ ਦੀਆਂ ਘਟਨਾਵਾਂ ਪਿੱਛੇ ਭਾਰਤ ਦਾ ਹੱਥ ਹੋਣ ਦੀਆਂ ਚਿੰਤਾਵਾਂ ਸੁਰਖੀਆਂ ਵਿੱਚ ਆਈਆਂ ਸਨ । ਭਾਈ ਨਿੱਝਰ ਖਾਲਿਸਤਾਨ ਲਹਿਰ ਦਾ ਆਗੂ ਸੀ ਜੋ ਭਾਰਤ ਦੇ ਸਿੱਖ ਬਹੁਗਿਣਤੀ ਵਾਲੇ ਪੰਜਾਬ ਰਾਜ ਦੀ ਆਜ਼ਾਦੀ ਦੀ ਮੰਗ ਕਰਦਾ ਹੈ। ਭਾਰਤ ਨੇ ਉਸਨੂੰ "ਅਤਿ ਲੋੜੀਂਦਾ" ਕਰਾਰ ਦਿੱਤਾ ਸੀ ਅਤੇ ਕੈਨੇਡਾ 'ਤੇ ਉਸਨੂੰ ਗ੍ਰਿਫ਼ਤਾਰ ਕਰਨ ਲਈ ਦਬਾਅ ਪਾਇਆ ਸੀ। ਉਸਦੀ ਹੱਤਿਆ ਤੋਂ ਤਿੰਨ ਮਹੀਨੇ ਬਾਅਦ, ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਹਾਊਸ ਆਫ ਕਾਮਨਜ਼ ਨੂੰ ਦੱਸਿਆ ਕਿ ਕੈਨੇਡੀਅਨ ਅਧਿਕਾਰੀ ਭਾਰਤੀ ਸਰਕਾਰੀ ਏਜੰਟਾਂ ਦੀ ਸੰਭਾਵਿਤ ਭੂਮਿਕਾ ਦੀ ਜਾਂਚ ਕਰ ਰਹੇ ਹਨ। ਚਾਰ ਸ਼ੱਕੀ ਬੰਦੂਕਧਾਰੀਆਂ ਨੂੰ ਮਈ 2024 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਅਤੇ ਇਕ ਮੀਡੀਆ ਰਿਪੋਰਟ ਆਈ ਸੀ ਕਿ ਕੈਨੇਡਾ ਨੇ ਨਿੱਝਰ ਕਤਲ ਨਾਲ ਸੀਨੀਅਰ ਭਾਰਤੀ ਅਧਿਕਾਰੀਆਂ ਨੂੰ ਜੋੜਨ ਵਾਲੇ ਸੰਚਾਰਾਂ ਨੂੰ ਰੋਕਿਆ ਹੈ। ਆਰਸੀਐਮਪੀ ਰਿਪੋਰਟ, ਜੋ ਲਾਰੈਂਸ ਬਿਸ਼ਨੋਈ ਕ੍ਰਾਈਮ ਗਰੁੱਪ ਅਤੇ ਇਸਦੇ "ਮੁੱਖ ਵਿਅਕਤੀਆਂ" ਬਾਰੇ ਸਥਿਤੀ ਸੰਬੰਧੀ ਜਾਗਰੂਕਤਾ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ, ਵਿੱਚ ਭਾਰਤ ਦੇ ਇਸ ਗਿਰੋਹ ਨਾਲ ਕਥਿਤ ਸਬੰਧਾਂ ਦਾ ਵਾਰ-ਵਾਰ ਹਵਾਲਾ ਦਿੱਤਾ ਗਿਆ ਹੈ। ਇਹ ਰਿਪੋਰਟ ਆਰਸੀਐਮਪੀ ਦੇ ਦੋਸ਼ਾਂ ਨੂੰ ਦੁਹਰਾਉਂਦੀ ਹੈ ਕਿ ਭਾਈ ਨਿੱਝਰ ਦੀ ਹੱਤਿਆ ਵਿੱਚ ਭਾਰਤੀ ਏਜੰਟ ਸ਼ਾਮਲ ਸਨ। ਇਸ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਬਿਸ਼ਨੋਈ ਗੈਂਗ ਨੇ ਮੈਨੀਟੋਬਾ ਵਿੱਚ ਇੱਕ ਹੋਰ ਖਾਲਿਸਤਾਨ ਪੱਖੀ ਕਾਰਕੁਨ ਸੁਖਦੂਲ ਸਿੰਘ ਦੀ ਹੱਤਿਆ ਦੀ ਜ਼ਿੰਮੇਵਾਰੀ ਲਈ ਹੈ। ਸੁਖਦੂਲ ਸਿੰਘ ਨੂੰ ਸਤੰਬਰ 2023 ਵਿੱਚ ਵਿਨੀਪੈੱਗ ਵਿੱਚ ਮਾਰ ਦਿੱਤਾ ਗਿਆ ਸੀ। ਆਰਸੀਐਮਪੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਈ ਨਿੱਝਰ ਵਾਂਗ, ਉਸਨੂੰ ਵੀ ਭਾਰਤ ਸਰਕਾਰ ਨੇ ਲੋੜੀਂਦਾ ਐਲਾਨਿਆ ਹੋਇਆ ਸੀ। ਆਰਸੀਐਮਪੀ ਨੇ ਦਾਅਵਾ ਕੀਤਾ ਹੈ ਕਿ ਭਾਰਤ ਸਰਕਾਰ ਦੇ ਏਜੰਟ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਲਹਿਰ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣ ਲਈ 'ਬਿਸ਼ਨੋਈ ਸਮੂਹ ਵਰਗੇ ਸੰਗਠਿਤ ਅਪਰਾਧ ਸਮੂਹਾਂ' ਦੀ ਵਰਤੋਂ ਕਰ ਰਹੇ ਸਨ।

# ਕੁਤਿਆਂ ਸਬੰਧੀ , ਸੁਪਰੀਮ ਕੋਰਟ ਦੀਆਂ ਟਿੱਪਣੀਆਂ ਤੇ ਵਿਚਾਰ ਕਰਨੀ ਅੱਜ ਦੇ ਸਮੇਂ ਦੀ ਲੋੜ , ਪਠਲਾਵਾ ਸੰਸਥਾ



**ਲਾਵਾਰਿਸ** ਕੁੱਤਿਆਂ ਸਬੰਧੀ ਚਲ ਰਹੀ ਚਰਚਾ ਤੇ ਦੇਸ਼ ਦੀ ਸੁਪਰੀਮ ਕੋਰਟ ਵਲੋਂ ਕੀਤੀਆਂ ਜਾ ਰਹੀਆਂ ਟਿੱਪਣੀਆਂ ਤੇ ਕੇਂਦਰ ਸਰਕਾਰ ਦੇ ਨਾਲ ਨਾਲ ਰਾਜ ਸਰਕਾਰਾਂ ਅਤੇ ਕੁੱਤਿਆਂ ਦੇ ਹੱਕ ਵਿਚ ਖੜ੍ਹਨ ਵਾਲੀਆਂ ਸੰਸਥਾਵਾਂ ਨੂੰ ਆਮ ਸਮਾਜ ਵਿਚ ਇਹਨਾਂ ਕੁਤਿਆਂ ਦੇ ਕੱਟਣ ਅਤੇ ਸੜਕੀ ਦੁਰਘਟਨਾਵਾਂ ਦਾ ਕਾਰਣ ਬਣ ਰਹੇ ਆਵਾਰਾ ਕੁੱਤਿਆਂ ਪ੍ਰਤੀ ਢੁਕਵੇਂ ਫ਼ੈਸਲੇ ਲੈਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਬਣ ਗਈ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ,ਉਪ ਪ੍ਰਧਾਨ ਸਤੀਸ਼ ਕੁਮਾਰ ਐਮਾਂ ਜਟਾਂ, ਅਮਰਜੀਤ ਸਿੰਘ ਸੂਰਾਪੁਰ, ਸੰਦੀਪ ਕੁਮਾਰ ਗੌੜ ਅਤੇ ਸੰਸਥਾ ਦੇ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਵਲੋਂ ਸਾਂਝਾ ਕੀਤਾ ਗਿਆ। ਬੁਲਾਰਿਆਂ ਨੇ ਆਖਿਆ ਕਿ ਅਕਸਰ ਆਵਾਰਾ ਕੁੱਤਿਆਂ ਦੇ ਖੂੰਖਾਰ ਝੁੰਡਾਂ ਵਲੋਂ ਬੱਚਿਆਂ ਅਤੇ ਰਾਹਗੀਰਾਂ ਨੂੰ ਨੋਚ ਨੋਚ ਚ ਕੇ ਖਾ ਜਾਣ ਦੀਆਂ ਖਬਰਾਂ, ਅਖਬਾਰਾਂ ਵਿੱਚ ਛਪਦੀਆਂ ਰਹਿੰਦੀਆਂ ਹਨ ਇਸ ਲਈ ਕੌਣ ਜ਼ਿੰਮੇਵਾਰ ਹੈ ।ਲੱਖਾਂ ਦੀ ਤਾਦਾਦ ਵਿਚ ਹਲਕੇ ਕੁਤਿਆਂ ਦੇ ਕੱਟਣ ਨਾਲ ਲੋਕ ਮੌਤ ਦੇ ਮੂੰਹ ਵਿਚ ਚਲੇ ਜਾਂਦੇ ਹਨ ਇਸ ਲਈ ਕਿਸਨੂੰ ਜ਼ਿੰਮੇਵਾਰ ਠਹਿਰਾਇਆ ਜਾਵੇ। ਅਵਾਰਾ ਕੁੱਤਿਆਂ ਦੀ ਗਿਣਤੀ ਵਿਚ ਹੋ ਰਹੇ ਬੇਸ਼ੁਮਾਰ ਵਾਧੇ ਨੂੰ ਰੋਕਣ ਲਈ ਸਰਕਾਰਾਂ ਕੀ ਢੰਗ ਤਰੀਕੇ ਅਪਣਾਆ ਰਹੀਆਂ ਹਨ ਇਸ ਵਾਰੇ ਵੀ ਅਕਸਰ ਚੁਪ ਹਨ ਸਰਕਾਰਾਂ। ਕੁਤਿਆਂ ਦੀ ਵਕਾਲਤ ਕਰਨ ਵਾਲੇ ਕੁਤਾ ਪ੍ਰੇਮੀਆਂ ਨੂੰ ਚਾਹੀਦਾ ਹੈ ਕਿ ਉਹ ਇਹਨਾਂ ਕੁਤਿਆਂ ਦੀ ਸਾਂਭ ਸੰਭਾਲ ਲਈ ਰੈਣ ਬਸੇਰਿਆਂ ਦਾ ਪ੍ਰਬੰਧ ਕਰਨ। ਜੇਕਰ ਭਾਰਤ ਵਰਗੇ ਦੇਸ਼ ਦੀ ਗੱਲ ਕੀਤੀ ਜਾਵੇ ਤਾਂ ਅਵਾਰਾ ਕੁੱਤਿਆਂ ਦੀ ਗਿਣਤੀ ਵਿਚ ਹੋ ਰਿਹਾ ਵਾਧਾ ਆਪਣੇ ਆਪ ਵਿਚ ਇਕ ਬੁਹਤ ਵੱਡੀ ਸਮੱਸਿਆ ਹੈ ਜਿਸਦਾ ਅਜੇ ਤੱਕ ਕੋਈ ਸਾਰਥਿਕ ਹੱਲ ਨਹੀਂ ਕੱਢਿਆ ਜਾ ਸਕਦਾ। ਮੁਲਕ ਦੀ ਸੱਭ ਤੋ ਵੱਡੀ ਅਦਾਲਤ ਦੁਆਰਾ ਕੀਤੀਆਂ ਟਿੱਪਣੀਆਂ ਵੱਲ ਕੇਂਦਰ ਅਤੇ ਰਾਜਾਂ ਦੀਆਂ ਸਰਕਾਰਾਂ ਨੂੰ ਢੁਕਵੇਂ ਤੇ ਠੋਸ ਫੈਸਲੇ ਲੈਣਾ ਬੁਹਤ ਜ਼ਰੂਰੀ ਹੈ।

**-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

# ਜ਼ਿਲ੍ਹਾ ਸੰਗਰੂਰ ਦੇ ਆਂਗਣਵਾੜੀ ਕੇਂਦਰਾਂ ਵਿੱਚ 6 ਮਹੀਨੇ ਦੇ ਬੱਚਿਆਂ ਲਈ ਅੰਨਪ੍ਰਾਸ਼ਨ ਦਿਵਸ ਮਨਾਇਆ

### ਬੱਚੇ ਦੇ ਪਹਿਲੇ 1000 ਦਿਨ ਉਸ ਦੀ ਸਰੀਰਕ, ਮਾਨਸਿਕ ਅਤੇ ਬੁੱਧੀਕ ਵਿਕਾਸ ਲਈ ਬਹੁਤ ਹੀ ਮਹੱਤਵਪੂਰਨ ਹੁੰਦੇ - ਜ਼ਿਲ੍ਹਾ ਪ੍ਰੋਗਰਾਮ ਅਫ਼ਸਰ





ਸੰਗਰੂਰ ( ਰਣਜੀਤ ਸਿੰਘ ਪੇਧਨੀ ) ਜ਼ਿਲ੍ਹਾ ਸੰਗਰੂਰ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਅੰਨਪ੍ਰਾਸ਼ਨ ਦਿਵਸ ਮਨਾਇਆ ਗਿਆ। ਇਸ ਦਿਨ 6 ਮਹੀਨੇ ਦੀ ਉਮਰ ਪੂਰੀ ਕਰ ਚੁੱਕੇ ਨੰਨ੍ਹੇ ਬੱਚਿਆਂ ਨੂੰ ਮਾਂ ਦੇ ਦੁੱਧ ਦੇ ਨਾਲ-ਨਾਲ ਪਹਿਲੀ ਵਾਰ ਉਪਰਾਂਤ ਪੌਸ਼ਟਿਕ ਆਹਾਰ ਦੀ ਸ਼ੁਰੂਆਤ ਕਰਵਾਉਣ ਦੇ ਮਹੱਤਵ ਬਾਰੇ ਮਾਵਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਜਾਣੂ ਕਰਵਾਇਆ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀਮਤੀ ਰਤਿੰਦਰ ਕੌਰ ਨੇ ਦੱਸਿਆ ਕਿ ਇਸ ਮੌਕੇ ਆਂਗਣਵਾੜੀ ਵਰਕਰਾਂ ਵੱਲੋਂ ਮਾਵਾਂ ਨੂੰ ਵਿਸਥਾਰ ਨਾਲ ਸਮਝਾਇਆ ਗਿਆ ਕਿ ਬੱਚੇ ਦੇ ਪਹਿਲੇ 1000 ਦਿਨ (ਗਰਭ ਅਵਸਥਾ ਤੋਂ 2 ਸਾਲ ਤੱਕ) ਉਸ ਦੀ ਸਰੀਰਕ, ਮਾਨਸਿਕ ਅਤੇ ਬੁੱਧੀਕ ਵਿਕਾਸ ਲਈ ਬਹੁਤ ਹੀ ਮਹੱਤਵਪੂਰਨ ਹੁੰਦੇ ਹਨ। 6 ਮਹੀਨੇ ਦੀ ਉਮਰ ਤੋਂ ਬਾਅਦ ਕੇਵਲ ਮਾਂ ਦਾ ਦੁੱਧ ਬੱਚੇ ਦੀਆਂ ਪੌਸ਼ਟਿਕ ਜ਼ਰੂਰਤਾਂ ਪੂਰੀਆਂ ਕਰਨ ਲਈ ਕਾਫ਼ੀ ਨਹੀਂ ਰਹਿੰਦਾ, ਇਸ ਲਈ ਉਪਰਾਂਤ ਆਹਾਰ ਦੀ ਸ਼ੁਰੂਆਤ ਕਰਨੀ ਲਾਜ਼ਮੀ ਹੁੰਦੀ ਹੈ। ਆਂਗਣਵਾੜੀ ਕੇਂਦਰਾਂ ਵਿੱਚ ਮਾਵਾਂ ਨੂੰ ਘਰੇਲੂ ਤੌਰ 'ਤੇ ਆਸਾਨੀ ਨਾਲ ਤਿਆਰ ਹੋ ਸਕਣ ਵਾਲੇ ਪੌਸ਼ਟਿਕ ਭੋਜਨ ਜਿਵੇਂ ਕਿ ਦਲੀਏ, ਸਬਜ਼ੀਆਂ ਵਾਲੀ ਖਿਚੜੀ, ਦਾਲ-ਚਾਵਲ, ਸੁਜੀ, ਮਸਲੀ ਹੋਈ ਸਬਜ਼ੀ ਅਤੇ ਫਲਾਂ ਦੀ ਪਿਊਰੀ ਬਾਰੇ ਵਿਧੀ ਸਮੇਤ ਦੱਸਿਆ ਗਿਆ। ਇਸ ਦੇ ਨਾਲ ਇਹ ਵੀ ਸਮਝਾਇਆ ਗਿਆ ਕਿ ਬੱਚੇ ਦੀ ਉਮਰ ਅਨੁਸਾਰ ਖੁਰਾਕ ਦੀ ਮਾਤਰਾ, ਗਾੜ੍ਹਾਪਣ ਅਤੇ ਖੁਰਾਕ ਦੇ ਸਮੇਂ ਵਿੱਚ ਹੌਲੀ-ਹੌਲੀ ਵਾਧਾ ਕਰਨਾ ਚਾਹੀਦਾ ਹੈ। ਇਸ ਦੌਰਾਨ ਮਾਵਾਂ ਨੂੰ ਸਫ਼ਾਈ ਅਤੇ ਸਿਹਤ ਸੰਭਾਲ ਸਬੰਧੀ ਜ਼ਰੂਰੀ ਜਾਣਕਾਰੀ ਵੀ ਦਿੱਤੀ ਗਈ, ਜਿਸ ਵਿੱਚ ਖੁਰਾਕ ਤਿਆਰ ਕਰਨ ਤੋਂ ਪਹਿਲਾਂ ਹੱਥ ਧੋਣਾ, ਸਾਫ਼ ਬਰਤਨਾਂ ਦੀ ਵਰਤੋਂ, ਤਾਜ਼ਾ ਭੋਜਨ ਤਿਆਰ ਕਰਨਾ ਅਤੇ ਬੱਚੇ ਨੂੰ ਬਿਮਾਰੀਆਂ ਤੋਂ ਬਚਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ ਗਿਆ। ਪ੍ਰੋਗਰਾਮ ਦੌਰਾਨ ਇਹ ਵੀ ਦੱਸਿਆ ਗਿਆ ਕਿ ਅੰਨਪ੍ਰਾਸ਼ਨ ਬੱਚੇ ਦੇ ਸਿਹਤਮੰਦ ਵਜ਼ਨ, ਉਚਾਈ ਅਤੇ ਸਮੁੱਚੇ ਵਿਕਾਸ ਲਈ ਇੱਕ ਮਹੱਤਵਪੂਰਨ ਕਦਮ ਹੈ। ਸਹੀ ਸਮੇਂ 'ਤੇ ਸਹੀ ਖੁਰਾਕ ਨਾ ਮਿਲਣ ਕਾਰਨ ਬੱਚਿਆਂ ਵਿੱਚ ਕੁਪੋਸ਼ਣ, ਕਮਜ਼ੋਰੀ ਅਤੇ ਬਿਮਾਰੀਆਂ ਦਾ ਖਤਰਾ ਵੱਧ ਸਕਦਾ ਹੈ, ਜਿਸ ਤੋਂ ਬਚਾਅ ਲਈ ਅੰਨਪ੍ਰਾਸ਼ਨ ਦਿਵਸ ਵਰਗੇ ਜਾਗਰੂਕਤਾ ਕਾਰਜਕ੍ਰਮ ਬਹੁਤ ਲਾਭਕਾਰੀ ਸਾਬਤ ਹੁੰਦੇ ਹਨ। ਇਸ ਮੌਕੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ ਮਾਵਾਂ ਨੂੰ ਅਪੀਲ ਕੀਤੀ ਗਈ ਕਿ ਉਹ ਬੱਚਿਆਂ ਨੂੰ 2 ਸਾਲ ਦੀ ਉਮਰ ਤੱਕ ਮਾਂ ਦਾ ਦੁੱਧ ਜਾਰੀ ਰੱਖਣ ਦੇ ਨਾਲ-ਨਾਲ ਪੌਸ਼ਟਿਕ ਅਤੇ ਸੰਤੁਲਿਤ ਆਹਾਰ ਜ਼ਰੂਰ ਦੇਣ ਅਤੇ ਬੱਚਿਆਂ ਦੀ ਨਿਯਮਤ ਤੌਰ 'ਤੇ ਵਜ਼ਨ ਅਤੇ ਸਿਹਤ ਜਾਂਚ ਆਂਗਣਵਾੜੀ ਕੇਂਦਰ ਰਾਹੀਂ ਕਰਵਾਉਂਦੀਆਂ ਰਹਿਣ।





# ਜਨਮ ਦਿਨ ਮੁਬਾਰਕ

ਸਰਪੰਚ ਕੁਲਵਿੰਦਰ ਸਿੰਘ ਮਿਠਾ ਚੰਨਣਕੇ ਦੇ ਜਨਮ ਦਿਨ ਦੀਆਂ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਸਮੂਹ ਪੰਜਾਬੀਆਂ ਵੱਲੋਂ ਲੱਖ ਲੱਖ ਵਧਾਈਆਂ ਹੋਣ ਜੀ, ਵਾਹਿਗੁਰੂ ਜੀ ਕਿਰਪਾ ਕਰਨ ਇਲਾਕੇ ਦੀਆਂ ਸੰਗਤਾਂ ਸੇਵਾ ਕਰਨ ਦਾ ਬੱਲ ਬਖਸ਼ਿਸ਼ ਕਰਨ ਜੀ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

**ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਵਾਲਿਆ ਦੀ ਯਾਦ 'ਚ**

# 67ਵਾਂ ਸਲਾਨਾ ਸਮਾਗਮ 24 ਜਨਵਰੀ ਨੂੰ



**ਚੌਕ ਮਹਿਤਾ,14 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਮਹਾਂਪੁਰਖ ਸ੍ਰੀਮਾਨ 108 ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਜੀ ਤੋਂ ਵਰਸੋਏ ਹੋਏ ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਸ਼ਿਮਲੇ ਵਾਲਿਆ ਦੀ ਯਾਦ 'ਚ 5 ਰੋਜਾ 67ਵਾਂ ਸਲਾਨਾ ਗੁਰਮਤਿ ਸਮਾਗਮ ਮਿਤੀ 24 ਜਨਵਰੀ 2026 ਦਿਨ ਸ਼ਨੀਵਾਰ ਨੂੰ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਪਿਆਰ ਨਾਲ ਕਰਵਾਇਆ ਜਾ ਰਿਹਾ ਹੈ।ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਇਨਾਂ ਸਮਾਗਮਾਂ ਦੀ ਆਰੰਭਤਾ ਪਹਿਲੇ ਪੜਾਅ ਚ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 20 ਜਨਵਰੀ, ਦਿਨ ਮੰਗਲਵਾਰ ਸਵੇਰੇ 10:00 ਵਜੇ ਆਰੰਭ ਹੋਵੇਗੀ ਜਿਨਾਂ ਦੇ ਭੋਗ 22 ਜਨਵਰੀ ਨੂੰ ਪੈਣਗੇ ਅਤੇ ਦੂਜੇ ਪੜਾਅ ਚ 22 ਜਨਵਰੀ ਦਿਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਹੋਣਗੇ ਜਿੰਨਾਂ ਦੇ ਭੋਗ ਮਿਤੀ 24 ਜਨਵਰੀ, ਦਿਨ ਸ਼ਨੀਵਾਰ ਸਵੇਰੇ 9:00 ਵਜੇ ਪੈਣਗੇ ਅਤੇ ਉਪਰੰਤ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਸਵੇਰੇ 10:00 ਵਜੇ ਆਰੰਭਹੋਵੇਗਾ ਅਤੇ ਦੁਪਹਿਰ 2:00 ਵਜੇ ਤੱਕ ਚੱਲੇਗਾ ।ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਸਮਾਗਮਾਂ ਚ ਤਨ ਮਨ ਧਨ ਨਾਲ ਹਾਜਰੀਆਂ ਭਰ ਕਿ ਆਪਣੇ ਜੀਵਨ ਨੂੰ ਸਫ਼ਲ ਬਣਾਓ ਅਤੇ ਸੰਤਾਂ ਮਹਾਂਪੁਰਖਾ ਦੀਆਂ ਖੁਸੀਆਂ ਪ੍ਰਾਪਤ ਕਰੋ ! ਅੱਗੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਅਸਥਾਨਾਂ ਦੀ ਸੇਵਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਤੋਂ ਵਰੋਸਾਏ ਸੱਚਖੰਡਵਾਸੀ:- ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਵਲੋਂ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਨਿਭਾਈ ਗਈ ਅਤੇ ਜਿਸ ਵਿੱਚ ਅੱਜ ਵੀ ਸੰਗਤਾਂ ਸੰਤਾਂ ਦੀ ਕੀਤੀ ਸੰਗਤ ਅਤੇ ਬਤੀਤ ਕੀਤੇ ਸਮੇਂ ਨੂੰ ਯਾਦ ਕਰਦੀਆਂ ਹਨ ਅਤੇ ਅੱਜ ਵੀ ਇਨਾਂ ਅਸਥਾਨਾਂ ਤੇ ਅਰਦਾਸਾਂ ਕਰਦੀਆਂ ਹਨ ਅਤੇ ਉਹ ਕੀਤੀਆਂ ਅਰਦਾਸਾਂ ਪ੍ਰਵਾਨ ਹੁੰਦੀਆਂ ਹਨ ! ਅਤੇ ਮੈਂ ਆਪਣੇ ਆਪ ਨੂੰ ਬਹੁਤ ਵਡਭਾਗੀ ਸਮਝਦਾ ਹਾਂ ਕਿ ਅਕਾਲ ਪੁਰਖ ਨੇ ਮੈਨੂੰ ਬਚਪਨ ਤੋਂ ਹੀ ਸੰਤ ਬਾਬਾ ਤੇਜਾ ਸਿੰਘ ਜੀ ਦੀ ਸੇਵਾ ਤੇ ਸੰਗਤ ਕਰਨ ਦਾ ਸਮਾਂ ਬਖਸਿਆ ਅਤੇ ਸਚਖੰਡ ਵਾਸੀ ਸੰਤ ਬਾਬਾ ਤੇਜਾ ਸਿੰਘ ਜੀ ਵੱਲੋਂ ਸਚਖੰਡ ਨਿਵਾਸ ਕਰਨ ਤੋਂ ਪਹਿਲਾਂ ਇਨਾਂ ਅਸਥਾਨਾਂ ਦੀ ਸੇਵਾ ਦਾਸ ਨੂੰ ਬਖਸੀ ਗਈ ਹੈ !ਜੋ ਅਕਾਲ ਪੁਰਖ ਦੀ ਕਿਰਪਾ ਸਦਕਾ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਨਿਭਾਈ ਜਾ ਰਹੀ ਹੈ !

ਆਵਾਜ਼ਿ ਕੌਮ AWAZE QAUM International Newspaper & WEB TV

**ਸਮੂਹ ਸੰਗਤਾਂ ਤਨ ਮਨ ਧਨ ਨਾਲ ਹਾਜਰੀਆਂ ਭਰ ਕਿ ਜੀਵਨ ਸਫਲ ਬਣਾਓ-ਸੰਤ ਬਾਬਾ ਬਾਬਾ ਸੁੱਖਾ ਸਿੰਘ**

**ਲਹਿਰਾਗਾਗਾ ਵਿਖੇ ਅਧੁਨਿਕ ਤਹਿਸੀਲ ਕੰਪਲੈਕਸ ਦੇ ਨਿਰਮਾਣ ਨਾਲ**

# ਪ੍ਰਸ਼ਾਸਕੀ ਸਹੂਲਤਾਂ ਨੂੰ ਮਿਲੇਗੀ ਨਵੀਂ ਰਫ਼ਤਾਰ: ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ



**ਲਹਿਰਾਗਾਗਾ (ਰਣਜੀਤ ਸਿੰਘ ਪੇਧਨੀ )**-ਲਹਿਰਾਗਾਗਾ ਅਤੇ ਆਸ-ਪਾਸ ਦੇ ਖੇਤਰਾਂ ਦੇ ਵਸਨੀਕਾਂ ਨੂੰ ਬਿਹਤਰ, ਸੁਚੱਜੀਆਂ ਅਤੇ ਪਾਰਦਰਸ਼ੀ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ 19.66 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਅਤੇ ਅਧੁਨਿਕ ਤਹਿਸੀਲ ਕੰਪਲੈਕਸ, ਜਿਸ ਦਾ ਨੀਂਹ ਪੱਥਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 04 ਅਕਤੂਬਰ 2025 ਨੂੰ ਰੱਖਿਆ ਗਿਆ ਸੀ ਤੇ ਟੈਂਡਰ ਸਮੇਤ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਪੂਰੀਆਂ ਹੋਣ ਤੋਂ ਬਾਅਦ ਅੱਜ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਉਸਾਰੀ ਦੀ ਇੱਟ ਰੱਖ ਕੇ ਇਸ ਦੇ ਨਿਰਮਾਣ ਦੀ ਸ਼ੁਰੂਆਤ ਕਰਵਾਈ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਨਵਾਂ ਤਹਿਸੀਲ ਕੰਪਲੈਕਸ ਲਹਿਰਾਗਾਗਾ ਖੇਤਰ ਦੀ ਪ੍ਰਸ਼ਾਸਕੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਸਰਕਾਰੀ ਦਫ਼ਤਰਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਆਵੇਗਾ ਅਤੇ ਆਮ ਲੋਕਾਂ ਨੂੰ ਸੇਵਾਵਾਂ ਪ੍ਰਾਪਤ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ।ਉਨ੍ਹਾਂ ਦੱਸਿਆ ਕਿ ਇਹ ਮਹੱਤਵਪੂਰਨ ਪ੍ਰੋਜੈਕਟ ਕਰੀਬ 06 ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੇਂ ਤਹਿਸੀਲ ਕੰਪਲੈਕਸ ਦਾ ਕੁੱਲ ਕਵਰਡ ਏਰੀਆ ਲਗਭਗ 52,566 ਵਰਗ ਫੁੱਟ ਹੋਵੇਗਾ ਅਤੇ ਇਹ ਇਮਾਰਤ ਅਧੁਨਿਕ ਨਕਸ਼ੇ ਅਤੇ ਨਵੀਂ ਤਕਨਾਲੋਜੀ ਅਨੁਸਾਰ ਤਿਆਰ ਕੀਤੀ ਜਾਵੇਗੀ।ਇਸ ਪ੍ਰੋਜੈਕਟ ਤਹਿਤ ਸਰਕਾਰੀ ਅਧਿਕਾਰੀਆਂ ਲਈ ਰਿਹਾਇਸ਼ੀ ਇਮਾਰਤਾਂ ਦਾ ਨਿਰਮਾਣ ਵੀ ਕੀਤਾ ਜਾਵੇਗਾ, ਜਿਸ ਨਾਲ ਅਧਿਕਾਰੀਆਂ ਦੀ ਉਪਲਬਧਤਾ ਅਤੇ ਸੇਵਾਵਾਂ ਦੀ ਤੀਬਰਤਾ ਵਿੱਚ ਹੋਰ ਵਾਧਾ ਹੋਵੇਗਾ।ਉਨ੍ਹਾਂ ਨੇ ਦੱਸਿਆ ਕਿ ਤਹਿਸੀਲ ਕੰਪਲੈਕਸ ਵਿੱਚ ਐਸ.ਡੀ.ਐਮ. ਦਫ਼ਤਰ, ਸਬ-ਰਜਿਸਟਰਾਰ ਦਫ਼ਤਰ, ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਦੇ ਦਫ਼ਤਰ, ਖਜ਼ਾਨਾ ਦਫ਼ਤਰ, ਲੇਬਰ ਇੰਸਪੈਕਟਰ ਦਫ਼ਤਰ, ਫੂਡ ਸਪਲਾਈ ਦਫ਼ਤਰ, ਸਟਾਫ ਰੂਮ, ਰਿਕਾਰਡ ਰੂਮ, ਉਡੀਕ ਘਰ ਅਤੇ ਹੋਰ ਜ਼ਰੂਰੀ ਪ੍ਰਸ਼ਾਸਕੀ ਤੇ ਜਨਤਕ ਸਹੂਲਤਾਂ ਸ਼ਾਮਲ ਹੋਣਗੀਆਂ। ਇਸ ਨਾਲ ਆਮ ਨਾਗਰਿਕਾਂ ਨੂੰ ਇੱਕੋ ਛੱਤ ਹੇਠ ਵੱਖ-ਵੱਖ ਸਰਕਾਰੀ ਸੇਵਾਵਾਂ ਆਸਾਨੀ ਨਾਲ ਉਪਲਬਧ ਹੋਣਗੀਆਂ ਅਤੇ ਉਨ੍ਹਾਂ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ।

ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਲਹਿਰਾਗਾਗਾ ਨੂੰ ਸਬ ਡਵੀਜ਼ਨ ਦਾ ਦਰਜਾ ਮਿਲਣ ਤੋਂ ਕਰੀਬ 18 ਸਾਲ ਬਾਅਦ ਤਹਿਸੀਲ ਕੰਪਲੈਕਸ ਦਾ ਨਿਰਮਾਣ ਹੋਣਾ ਇਲਾਕੇ ਦੇ ਲੋਕਾਂ ਲਈ ਇੱਕ ਇਤਿਹਾਸਕ ਕਦਮ ਹੈ। ਇਸ ਨਾਲ ਲੋਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਰਹੀ ਹੈ ਅਤੇ ਖੇਤਰ ਦੇ ਪ੍ਰਸ਼ਾਸਕੀ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।

ਉਨ੍ਹਾਂ ਨੇ ਹੋਰ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਚਨਬੱਧ ਹੈ। ਸਰਕਾਰੀ ਦਫ਼ਤਰਾਂ ਦੀ ਅਧੁਨਿਕਤਾ, ਡਿਜੀਟਲ ਸੇਵਾਵਾਂ ਅਤੇ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਸਰਕਾਰ ਦੀ ਪਹਿਲ ਹੈ।

ਕੈਬਨਿਟ ਮੰਤਰੀ ਨੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕੰਮ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਤਹਿਸੀਲ ਕੰਪਲੈਕਸ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਅਹੁਦੇਦਾਰ ਅਤੇ ਵਰਕਰਾਂ ਸਮੇਤ ਵੱਡੀ ਗਿਣਤੀ ਲੋਕ ਹਾਜ਼ਰ ਸਨ।

**19.66 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਤਹਿਸੀਲ ਕੰਪਲੈਕਸ ਦੇ ਕੰਮ ਦੀ ਸ਼ੁਰੂਆਤ**

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਮੁਕਤਸਰ ਸਾਹਿਬ ਵਿਖੇ ਸਮੂਹ ਸਹੀਦਾਂ ਨੂੰ ਨਕਮਸਤਕ ਹੋਣ ਲਈ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਕਾਨਫਰੰਸ ਚ ਪਹੁੰਚਣ ਲਈ ਜਥਾ ਹੋਇਆ ਰਵਾਨਾ

### ਸ੍ਰੀ ਮੁਕਤਸਰ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੀ ਹੋਵੇਗੀ ਵੱਡੀ ਕਾਨਫਰੰਸ ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 14 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਅੱਜ 40 ਮੁਕਤਿਆਂ ਦੀ ਪਾਵਨ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘ ਮਹੀਨੇ ਦੇ ਪਹਿਲੇ ਦਿਵਸ ਮੌਕੇ ਪਵਿੱਤਰ ਮਾਘੀ ਦਾ ਦਿਹਾੜਾ ਹਰ ਸਾਲ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾਂਦਾ ਹੈ ਅਤੇ ਇਸ ਮੌਕੇ ਵੱਖ-ਵੱਖ ਸਿਆਸੀ ਕਾਨਫਰੰਸਾਂ ਵੀ ਸਿਆਸਤਦਾਨਾਂ ਵਲੋਂ ਕੀਤੀਆਂ ਜਾਂਦੀਆਂ ਹਨ ਜਿਸ ਦੇ ਮੱਦੇਨਜ਼ਰ ਪੰਜਾਬ ਵਿੱਚ ਨਵੀਂ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਉਭਰ ਕਿ ਸਾਹਮਣੇ ਆ ਰਹੀ ਹੈ ਅਤੇ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਵੀ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਡੀ ਕਾਨਫਰੰਸ ਕੀਤੀ ਜਾ ਰਹੀ ਹੈ ਜਿਸ ਦੇ ਮੱਦੇਨਜ਼ਰ ਅੱਜ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਹਲਕਾ ਜੰਡਿਆਲਾ ਗੁਰੂ ਵਾਲਿਆਂ ਵਲੋਂ ਇਕ ਵੱਡਾ ਕਾਫਲਾ ਲੈ ਕਿ ਜੰਡਿਆਲਾ ਗੁਰੂ ਤੋਂ ਸ੍ਰੀ ਮੁਕਤਸਰ ਸਾਹਿਬ ਜੀ ਨੂੰ ਰਵਾਨਾ ਹੋਏ ਇਸ ਮੌਕੇ ਗੱਲਬਾਤ ਦੌਰਾਨ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁੱਖੀ ਜਥੇਦਾਰ ਭਾਈ ਅੰਮ੍ਰਿਤਪਾਲ ਸਿੰਘ ਐਮ ਪੀ ਹਲਕਾ ਖਡੂਰ ਸਾਹਿਬ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਨਸੇ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਅੰਮ੍ਰਿ ਛਕੋ ਸਿੰਘ ਸਜੋ ਅਤੇ ਗੁਰਬਾਣੀ ਦੇ ਲੜ੍ਹ ਲੱਗ ਕਿ ਆਪਣੇ ਮਾਂ ਬਾਪ ਦੀ ਸੇਵਾ ਕਰਕੇ ਆਪਣਾ ਜੀਵਨ ਸਫਲ ਬਣਾਈਏ ਦੀ ਪ੍ਰੇਰਨਾ ਦਿੱਤੀ ਗਈ ਅਤੇ ਇਸੇ ਕਾਰਜ ਨੂੰ ਵੇਖਦਿਆਂ ਹੋਇਆ ਹਲਕਾ ਖਡੂਰ ਸਾਹਿਬ ਜੀ ਦੇ ਸੂਝਵਾਨ ਸੰਗਤਾਂ ਨੇ ਭਾਈ ਸਾਹਬ ਨੂੰ ਭਾਰੀ ਬਹੁਮਤ ਨਾਲ ਜਤਾਇਆ ਗਿਆ ਅਤੇ ਅੱਜ 40 ਮੁਕਤਿਆਂ ਦੇ ਪਵਿੱਤਰ ਦਿਹਾੜੇ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਭਾਰੀ ਇਕੱਠ ਹੋਵੇਗਾ ਅਤੇ ਪੰਜਾਬ ਦੇ ਭਲੇ ਲਈ ਮਹਾਨ ਸਖਸ਼ੀਅਤਾਂ ਪਹੁੰਚਣਗੀਆਂ ! ਇਸ ਮੌਕੇ ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਸੁਖਵਿੰਦਰ ਸਿੰਘ ਨਿਜਾਮਪੁਰ, ਭਾਈ ਮਹਿਤਾਬ ਸਿੰਘ, ਭਾਈ ਜਸਵਿੰਦਰ ਸਿੰਘ ਨਰੈਣਗੜ੍ਹ, ਬਾਪੂ ਜਸਬੀਰ ਸਿੰਘ ਮੱਲ੍ਹੀਆਂ ,ਭਾਈ ਪ੍ਰਤਾਪ ਸਿੰਘ ਮੱਲ੍ਹੀਆਂ, ਬਾਬਾ ਮਨੋਜ ਸਿੰਘ ਨਵਾਂਕੋਟ,ਭਾਈ ਮੁਖਵਿੰਦਰ ਸਿੰਘ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

## ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਵਿਦਿਅਕ ਸੰਸਥਾਵਾਂ ਚੂੰਘ ਵਿੱਚ ਲੋਹੜੀ ਦਾ ਤਿਉਹਾਰ ਬਹੁਤ ਹੀ ਧੂਮ ਧਾਮ ਨਾਲ ਮਨਾਇਆ



ਚੌਕ ਮਹਿਤਾ,14 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਗਿਆ। ਇਲਾਕੇ ਦੇ ਨਾਮਵਰ ਵਿਦਿਆ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਵਿਖੇ ਲੋਹੜੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ,ਇਸਦੀ ਸ਼ੁਰੂਆਤ ਸਕੂਲ ਦੇ ਵਿੱਚ ਲੋਹੜੀ ਬਾਲ ਕੇ ਕੀਤੀ ਗਈ। ਇਸ ਤੋਂ ਬਾਅਦ ਸਕੂਲ ਵਿੱਚ ਵਿਦਿਆਰਥੀਆਂ ਨੂੰ ਤਿਲ,ਮੂੰਗਫਲੀ ਅਤੇ ਰਿਓੜੀਆਂ ਵੰਡੀਆਂ ਗਈਆਂ।ਵਿਦਿਆਰਥੀਆਂ ਵੱਲੋਂ ਲੋਹੜੀ ਦੇ ਤਿਉਹਾਰ ਸਬੰਧੀ ਗੀਤ ਅਤੇ ਬੋਲੀਆਂ ਗਾ ਕੇ ਮਨਮੋਹਕ ਮਾਹੌਲ ਬਣਾਇਆ ਗਿਆ ਜਿਸ ਵਿੱਚ ਸਕੂਲ ਸਟਾਫ਼ ਨੇ ਵੀ ਸ਼ਮੂਲੀਅਤ ਕਰਕੇ ਅਨੰਦ ਮਾਣਿਆ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਇਸ ਮੌਕੇ ਕਿਹਾ ਕਿ ਅਜਿਹੇ ਤਿਉਹਾਰ ਸਾਨੂੰ ਆਪਣੇ ਸੱਭਿਆਚਾਰ ਨਾਲ ਜੋੜੀ ਰੱਖਦੇ ਹਨ ਅਤੇ ਆਪਸੀ ਭਾਈਚਾਰੇ ਨੂੰ ਵੀ ਮਜ਼ਬੂਤ ਕਰਦੇ ਹਨ ।ਓਹਨਾ ਨੇ ਵਿਦਿਆਰਥੀਆਂ ਨੂੰ ਖੁਸ਼ ਰਹਿਣ ਅਤੇ ਚਾਈਨਾ ਡੋਰ ਤੋਂ ਦੂਰ ਰਹਿਣ ਲਈ ਅਤੇ ਪੰਜਾਬ ਦੇ ਸਭਿਆਚਾਰ ਤਿਉਹਾਰਾ ਨਾਲ ਜੋੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਮਨਪ੍ਰੀਤ ਕੌਰ ਛੀਨਾ, ਮਨਤੇਸ਼ ਕੁਮਾਰ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਮਾਘ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ







**ਫ਼ਿਰੋਜ਼ਪੁਰ, 14 ਜਨਵਰੀ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮਾਘ ਮਹੀਨੇ ਦੀ ਸੰਗਰਾਂਦ ਅਤੇ ਮਾਘੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ ਜਿਸ ਵਿਚ ਰਾਗੀ ਅਤੇ ਢਾਡੀ ਜਥਿਆਂ ਨੇ ਆਪਣੀ ਸੁਰੀਲੀ ਬਾਣੀ ਨਾਲ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ, ਭਾਈ ਬਾਬੂ ਸਿੰਘ, ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਆਖਿਆ ਕਿ ਮਾਘ ਮਹੀਨੇ ਵਿਚ ਸਾਨੂੰ ਵੱਧ ਤੋਂ ਵੱਧ ਜਾਪ ਕਰਨਾ ਚਾਹੀਦਾ ਹੈ, ਇਸ ਦੇ ਨਾਲ ਹੀ ਇਕ ਮਾਘ ਨੂੰ ਖਿਦਰਾਣੇ ਦੀ ਢਾਬ ਅੱਜ ਕੱਲ ਮੁਕਤਸਰ ਸਾਹਿਬ ਵਿਖੇ ਸੰਗਤਾਂ ਦੂਰੋ—ਦੂਰੋ ਆਉਂਦੀਆਂ ਹਨ, ਮਾਘੀ ਤੋਂ ਭਾਵ ਮਾਘ ਮਹੀਨੇ ਦੀ ਸੰਗਰਾਂਦ ਜ਼ੋ ਲੋਹੜੀ ਤੋਂ ਅਗਲੇ ਦਿਨ ਆਉਂਦੀ ਹੈ, ਜ਼ੋ ਕਿ 40 ਮੁਕਤਿਆਂ ਦੀ ਕੁਰਬਾਣੀ ਯਾਦ ਕਰਦਿਆਂ ਸ਼ਰਧਾ ਨਾਲ ਇਸ਼ਨਾਨ ਕਰਦੀਆਂ ਹਨ, ਜ਼ੋ ਕਿ ਖਿਦਰਾਣੇ ਦੀ ਢਾਬ ਵਿਚ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਮੂਗਲਾਂ ਨਾਲ ਅਨੇਕਾਂ ਲੜਾਈਆਂ ਲੜਨੀਆਂ ਪਈਆਂ, ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਖਿਦਰਾਣੇ ਦੀ ਢਾਬ ਵਿਚ ਡੇਰੇ ਲਾਏ ਤਾਂ ਹਜ਼ਾਰਾਂ ਦੀ ਗਿਣਤੀ ਵਿਚ ਮੂਗਲ ਫੌਜਾਂ ਨੇ ਖਿਦਰਾਣੇ ਦੀ ਢਾਬ ਨੂੰ ਘੇਰਿਆ ਅਤੇ ਇਥੇ ਸਿੱਖਾਂ ਅਤੇ ਮੂਗਲਾਂ ਵਿਚਕਾਰ ਭਿਅੰਕਰ ਲੜਾਈ ਹੋਈ, ਇਸ ਲੜਾਈ ਵਿਚ ਮਾਝੇ ਤੇ ਉਹ ਚਾਲੀ ਸਿੱਖ ਜਿਹੜੇ ਆਨੰਦਪੁਰ ਦੇ ਕਿਲੇ ਦੀ ਘੇਰਾਬੰਦੀ ਸਮੇਂ ਗੁਰੂ ਗੋਬਿੰਦ ਸਿੰਘ ਜੀ ਨੂੰ ਭਾਈ ਮਹਾਂ ਸਿੰਘ ਦੀ ਅਗਵਾਈ ਦੇ ਹੇਠ ਬੇਦਾਵਾ ਦੇ ਕੇ ਉਨ੍ਹਾਂ ਦਾ ਸਾਥ ਛੱਡ ਦਿੱਤਾ ਸੀ, ਇਸ ਲੜਾਈ ਵਿਚ ਉਹ 40 ਮੁਕਤੇ ਬਹਾਦਰੀ ਨਾਲ ਲੜੇ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਕਿ ਸਾਡੀ ਇਹੀ ਇੱਛਾ ਹੈ ਕਿ ਸਾਡਾ ਦਿੱਤਾ ਹੋਇਆ ਬੇਦਾਵਾ ਫਾੜ ਦਿਓ, ਇਸੇ ਤਰ੍ਹਾਂ ਗੁਰੂ ਗੋਬਿੰਦ ਸਿੰਘ ਜੀ ਨੇ ਬੇਦਾਵਾ ਫਾੜ ਕੇ ਟੁਟੀ ਗੰਡੀ ਨਾਲ ਜ਼ੋੜਿਆ। ਇਸ ਲੜਾਈ ਵਿਚ ਮਾਤਾ ਭਾਗ ਕੌਰ ਵੀ ਬਹਦਰੀ ਨਾਲ ਲੜੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਇਸ ਮਹੀਨੇ ਜਾਪ ਕਰਨ ਨਾਲ 11 ਗੁਣਾ ਫਲ ਪ੍ਰਾਪਤ ਹੁੰਦਾ ਹੈ ਅਤੇ ਸਾਨੂੰ ਪਰਮੇਸ਼ਵਰ ਦੇ ਖਜਾਨੇ ਦੀ ਚਾਬੀ ਨਾਮ ਦਾ ਖਜਾਨਾ ਖੋਲਣ ਵਾਸਤੇ ਜਿਆਦਾ ਤੋਂ ਜਿਆਦਾ ਵਾਹਿਗੁਰੂ ਦਾ ਜਾਪ ਕਰੋ, ਮੂਲ ਮੰਤਰ ਦਾ ਜਾਪ ਕਰੋ, ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਜੇਕਰ ਤੁਸੀਂ ਕਿਸੇ ਤੇ ਦਿਆ ਕਰਦੇ ਹੋ ਤਾਂ ਤੁਹਾਨੂੰ 68 ਤੀਰਥਾਂ ਦਾ ਫਲ ਪ੍ਰਾਪਤ ਹੁੰਦਾ ਹੈ, ਜਿਵੇਂ ਕਿ ਕਿਸੇ ਦਾ ਭਲਾ ਕਰ ਦੇਣਾ, ਮਹਾਂਪੁਰਖਾਂ ਦਾ ਪਰਉਪਕਾਰ ਬਹੁਤ ਵੱਡਾ ਹੈ। ਆਖਿਰ ਵਿਚ ਸ਼ਹਾਦਤਾਂ ਦਾ ਜਾਮ ਪੀਣ ਵਾਲੇ 40 ਮੁਕਤਿਆਂ ਨੂੰ ਅਤੇ ਅਨੇਕਾਂ ਸ਼ਹੀਦਾਂ ਨੂੰ ਅਸੀਂ ਦਿਲ ਦੀਆਂ ਗਹਿਰਾਈਆਂ ਨਾਲ ਕੋਟਣ—ਕੋਟ ਪ੍ਰਣਾਮ ਕਰਦੇ ਹਾਂ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

### ਡੇਰਾ ਬਾਬਾ ਸੰਧਿਆ ਦਾਸ ਜਗਾ ਰਾਮ ਤੀਰਥ ਵਿਖੇ

# ਚੜਦੀ ਕਲਾ ਵੈਲਫੇਅਰ ਕਲੱਬ ਨੇ ਲਗਾਇਆ ਖ਼ੂਨਦਾਨ ਕੈਂਪ







ਤਲਵੰਡੀ ਸਾਬੋ, 14 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਮਾਜ ਸੇਵੀ ਕਾਰਜਾਂ ਦੇ ਮੋਹਰੀ ਨੇੜਲੇ ਪਿੰਡ ਜਗਾ ਰਾਮ ਤੀਰਥ ਦੇ ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਮਹਾਨ ਧਾਰਮਿਕ ਸ਼ਖਸੀਅਤ ਸੰਤ ਬਾਬਾ ਨਰਾਇਣ ਮੁਨੀ ਜੀ ਦੀ 23ਵੀਂ ਬਰਸੀ ਨੂੰ ਸਮਰਪਿਤ ਕਰਕੇ ਡੇਰਾ ਬਾਬਾ ਸੰਧਿਆ ਦਾਸ ਵਿਖੇ ਇੱਕ ਖ਼ੂਨ ਦਾਨ ਕੈਂਪ ਲਗਾਇਆ ਗਿਆ। ਉਕਤ ਖ਼ੂਨਦਾਨ ਕੈਂਪ ਦੀ ਰਿਬਨ ਕੱਟਣ ਦੀ ਰਸਮ ਬਾਬਾ ਹਰਬੰਸ ਦਾਸ ਗੱਦੀ ਨਸ਼ੀਨ ਬਾਬਾ ਸੰਧਾ ਦਾ ਡੇਰਾ, ਬਾਬਾ ਗਿਆਨ ਦਾਸ ਜੱਜਲ, ਬਾਬਾ ਦਰਬਾਰਾ ਦਾਸ ਰਾਮਾ ਬਾਬਾ ਰਮੇਸ਼ ਮੁਨੀ ਮੁਨੀ, ਬਾਬਾ ਭੀਮ ਦਾਸ ਮਾਹੀ ਨੰਗਲ ਤੇ ਬਾਬਾ ਅਮਰਦਾਸ ਕੋਟ ਫੱਤਾ ਨੇ ਕੀਤੀ। ਜਦੋਂ ਕਿ ਆਰੰਭਤਾ ਮੌਕੇ ਡਾਕਟਰ ਰਵੀ ਕਾਂਤ ਐਸ.ਐਮ.ਓ ਤਲਵੰਡੀ ਸਾਬੋ ਮੌਜੂਦ ਰਹੇ। ਧਾਰਮਿਕ ਸ਼ਖਸੀਅਤਾਂ ਨੇ ਚੜ੍ਹਦੀ ਕਲਾ ਕਲੱਬ ਦੇ ਸਮੁੱਚੇ ਅਹੁਦੇਦਾਰਾਂ ਦੀ ਉਕਤ ਖ਼ੂਨਦਾਨ ਕੈਂਪ ਦੇ ਆਯੋਜਨ ਲਈ ਪ੍ਰਸ਼ੰਸ਼ਾ ਕੀਤੀ। ਉਧਰ ਖ਼ੂਨਦਾਨ ਕੈਂਪ ਤੋਂ ਬਾਅਦ ਗੁਰਬਾਜ ਸਿੰਘ ਸਿੱਧੂ ਕਾਂਗਰਸ ਪਾਰਟੀ ਨੇ ਸੰਬੋਧਨ ਕਰਦਿਆਂ ਖ਼ੂਨਦਾਨ ਕੈਂਪ ਨੂੰ ਸਭ ਤੋਂ ਉੱਤਮ ਦਾਨ ਦੱਸਿਆ ਅਜਿਹੇ ਕਾਰਜ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਸਮੇਂ ਸਮੇਂ ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਕੀਤੇ ਜਾਂਦੇ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਕਲੱਬ ਦੇ ਪ੍ਰਧਾਨ ਜੱਗਾ ਸਿੰਘ ਦੀ ਅਗਵਾਈ ਵਿੱਚ ਜਥੇਦਾਰ ਦਰਸ਼ਨ ਸਿੰਘ ਨੇ ਕੈਂਪ 'ਚ ਪੁੱਜੇ ਡਾਕਟਰਾਂ ਦੀ ਟੀਮ ਦਾ ਸਨਮਾਨ ਕੀਤਾ ਗਿਆ ਜਦੋਂ ਕਿ ਧਾਰਮਿਕ ਸ਼ਖਸੀਅਤਾਂ ਤੋਂ ਅਸ਼ੀਰਵਾਦ ਹਾਸਿਲ ਕੀਤਾ ਗਿਆ। ਪ੍ਰਧਾਨ ਜੱਗਾ ਸਿੰਘ ਨੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਕੈਂਪ ਦੌਰਾਨ ਕੁੱਲ 75 ਯੂਨਿਟ ਖ਼ੂਨ ਇਕੱਤਰ ਕਰਕੇ ਲੋੜਵੰਦਾਂ ਦੀ ਸਹਾਇਤਾ ਹਿੱਤ ਭੇਜਿਆ ਗਿਆ। ਕੈਂਪ ਦੌਰਾਨ ਕਲੱਬ ਪ੍ਰਧਾਨ ਜੱਗਾ ਸਿੰਘ ਸਿੱਧੂ, ਅਵਤਾਰ ਸਿੰਘ ਬਿੱਟੂ, ਸਕੱਤਰ ਜੰਬਾ ਸਿੰਘ, ਬੇਅੰਤ ਸਿੰਘ ਮਿਸਤਰੀ, ਬਲਵਿੰਦਰ ਸਿੰਘ ਬਿੰਦਰ, ਜੰਬਾ ਸਿੰਘ ਚੋਟੀਆਂ, ਬਲਦੇਵ ਸਿੰਘ ਮਾਸਟਰ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤੇ। ਐਸਐਮਓ ਰਵੀ ਕਾਂਤ ਗੁਪਤਾ ਤਲਵੰਡੀ ਸਾਬੋ, ਹਰਬੰਸ ਸਿੰਘ ਸਾਬਕਾ ਡਾਇਰੈਕਟਰ ਸਿੱਖਿਆ ਵਿਭਾਗ, ਕੇਹਰ ਸਿੰਘ ਸਾਬਕਾ ਐਕਸੀਅਨ, ਡਾਕਟਰ ਕਾਜਲ ਜਿੰਦਲ, ਦਮਦਮਾ ਸਾਹਿਬ ਪ੍ਰੈਸ ਕਲੱਬ ਦੇ ਸਰਪ੍ਰਸਤ ਰਣਜੀਤ ਸਿੰਘ ਰਾਜੂ ਅਤੇ ਖਜਾਨਚੀ ਰਾਮ ਕੁਮਾਰ ਜਿੰਦਲ, ਮਾਸਟਰ ਪਰਮਜੀਤ ਸਿੰਘ, ਰਣਜੀਤ ਸਿੰਘ ਪੁਲਿਸ ਮੁਲਾਜ਼ਮ, ਸਿਕੰਦਰ ਸਿੰਘ ਹੌਲਦਾਰ, ਸਰਪੰਚ ਜਸਵਿੰਦਰ ਕੌਰ ਜਗਾ ਰਾਮ ਤੀਰਥ, ਸਰਪੰਚ ਸੂਬਾ ਸਿੰਘ ਜੰਬਰ ਬਸਤੀ, ਮਨਜੀਤ ਸਿੰਘ ਬੇਟਾ ਸਰਪੰਚ ਜਗਾ ਰਾਮ ਤੀਰਥ ਕਲਾਂ, ਡਾਕਟਰ ਅਵਤਾਰ ਸਿੰਘ, ਜੱਗਾ ਸਿੰਘ ਸਾਬਕਾ ਇੰਸਪੈਕਟਰ, ਗੁਰੂ ਹਰਗੋਬਿੰਦ ਪਬਲਿਕ ਸਕੂਲ ਲਹਿਰੀ ਦੇ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ, ਤਾਰਾ ਕਾਨਵੈਂਟ ਸਕੂਲ ਦੇ ਸਰਪ੍ਰਸਤ ਲਛਮਣ ਦਾਸ ਗਰਗ ਆਦਿ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV


# ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਖਿਡਾਰੀ ਸਨਮਾਨਿਤ



ਤਲਵੰਡੀ ਸਾਬੋ, 14 ਜਨਵਰੀ (ਗੁਰਜੰਟ ਸਿੰਘ ਨਥੇਹਾ)- ਚੜ੍ਹਦੀਕਲਾ ਵੈਲਫੇਅਰ ਕਲੱਬ ਜਗਾ ਰਾਮ ਤੀਰਥ ਵੱਲੋਂ ਕਰਵਾਏ ਗਏ ਇੱਕ ਸਮਾਗਮ ਮੌਕੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਕਬੱਡੀ ਖੇਡ ਵਿੱਚ ਵੱਡੀਆਂ ਪ੍ਰਾਪਤੀਆਂ ਕਰਨ ਵਾਲੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ, ਰਾਜ ਪੱਧਰੀ ਅਤੇ ਨੈਸ਼ਨਲ ਪੱਧਰੀ ਕਬੱਡੀ ਅਤੇ ਵੁਸ਼ੂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾ ਸਿਰਫ਼ ਸਰੀਰਕ ਤੰਦਰੁਸਤੀ ਲਈ ਲਾਜ਼ਮੀ ਹਨ, ਸਗੋਂ ਇਹ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਵਰਕ ਅਤੇ ਅਗਵਾਈ ਦੇ ਗੁਣ ਵੀ ਵਿਕਸਤ ਕਰਦੀਆਂ ਹਨ। ਪ੍ਰਿੰਸੀਪਲ ਸਿੱਧੂ ਨੇ ਚੜ੍ਹਦੀਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਅਤੇ ਸਮੁੱਚੇ ਅਹੁਦੇਦਾਰਾਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਨਮਾਨ ਸਮਾਰੋਹ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਅਤੇ ਉੱਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਜਿੱਥੇ ਕਲੱਬ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਉੱਥੇ ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਦੀ ਅਪੀਲ ਕੀਤੀ ਅਤੇ ਖਿਡਾਰੀਆਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਸੁਭਾਸ਼ ਤੁਲੀ ਦੇ ਅੰਤਿਮ ਸੰਸਕਾਰ ਵਿਚ ਪੁੱਜੀਆਂ ਹਸਤੀਆਂ



ਫ਼ਿਰੋਜ਼ਪੁਰ, 14 ਜਨਵਰੀ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪੈਟਰਨ ਸ਼੍ਰੀ ਦੇਸ਼ ਬੰਧੂ ਤੁਲੀ ਦੇ ਛੋਟੇ ਭਾਈ ਸ਼੍ਰੀ ਸੁਭਾਸ਼ ਤੁਲੀ ਦੀ ਸੰਖੇਪ ਬਿਮਾਰੀ ਉਪਰੰਤ ਮਿਤੀ 13 ਜਨਵਰੀ ਨੂੰ ਮੌਤ ਹੋ ਗਈ, ਜਿਨ੍ਹਾਂ ਦਾ ਅੰਤਿਮ ਸੰਸਕਾਰ ਅੱਜ 14 ਜਨਵਰੀ 2026 ਨੂੰ ਸਮਸ਼ਾਨ ਭੂਮੀ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਫ਼ਿਰੋਜ਼ਪੁਰ ਸ਼ਹਿਰ ਅਤੇ ਛਾਉਣੀ ਦੀਆਂ ਸਮਾਜ ਸੇਵੀ ਜਥੇਬੰਦੀਆਂ ਅਤੇ ਸਨਮਾਨਿਤ ਹਸਤੀਆਂ ਨੇ ਸ਼ਿਰਕਤ ਕਰਕੇ ਵਿਛੜੀ ਰੂਹ ਦੀ ਆਤਮਿਕ ਸ਼ਾਤੀ ਦੀ ਕਾਮਨਾ ਕੀਤੀ। ਇਸ ਮੌਕੇ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਪਰਦੀਪ ਧਵਨ, ਪ੍ਰੋਫੈਸਰ ਗੁਰਦੇਵ ਸਿੰਘ, ਸਤੀਸ਼ ਪੂਰੀ, ਬਲਦੇਵ ਸਚਦੇਵਾ, ਐਸ.ਐਸ ਖੇੜਾ, ਟੀ.ਆਰ ਏਰੀ, ਮਹਿੰਦਰ ਸਿੰਘ ਧਾਲੀਵਾਲ, ਸੁਭਾਸ਼ ਦੋਦਾ ਸੁਭਾਸ਼ ਚੌਧਰੀ, ਸ਼ਾਮ ਲਾਲ ਗੱਖੜ, ਅਸ਼ੋਕ ਅਪਾਹੀ, ਦੇਸ ਬੰਧੂ ਤੁਲੀ, ਯੋਗਿੰਦਰ ਨਾਥ ਕੱਕੜ, ਦਾਸ ਕੁਮਾਰ ਗੁਲਾਟੀ ਆਦਿ ਸਸਕਾਰ ਸਮੇਂ ਹਾਜਰ ਸਨ। ਇਸ ਤੋਂ ਇਲਾਵਾ ਵੱਖ—ਵੱਖ ਵਿਭਾਗਾਂ ਦੇ ਅਧਿਕਾਰੀ, ਮੁਲਾਜ਼ਮ ਅਤੇ ਪੈਨਸ਼ਨਰਜ ਨੇ ਅਫਸੋਸ ਜ਼ਾਹਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਦੀ ਨੂੰ ਦੇਖਦਿਆਂ ਪੰਜਾਬ ਸਰਕਾਰ ਕਰੇ ਸਕੂਲ ਬੰਦ—ਜ਼ੋਨੀ



ਫ਼ਿਰੋਜ਼ਪੁਰ, 14 ਜਨਵਰੀ (ਮਨੋਹਰ ਲਾਲ) :— ਸਰਦੀ ਦੇ ਵਧਦੇ ਪ੍ਰੋਕਪ ਨੂੰ ਦੇਖਦਿਆਂ ਜਾਗੋ ਪੇਰੈਂਟਸ ਜਾਗੋ ਸੁਸਾਇਟੀ ਫ਼ਿਰੋਜ਼ਪੁਰ ਨੇ ਪੰਜਾਬ ਸਰਕਾਰ ਨੂੰ ਸੂਬੇ ਦੇ ਸਕੂਲ ਕੁਝ ਦਿਨ ਹੋਰ ਬੰਦ ਰੱਖਣ ਦੀ ਲਾਈ ਗੁਹਾਰ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੁਸਾਇਟੀ ਪ੍ਰਧਾਨ ਜਗਨਦੀਪ ਜ਼ੋਨੀ, ਚੇਅਰਮੈਨ ਹਰੀ ਰਾਮ ਖਿੰਦੜੀ, ਪ੍ਰਤਾਪ ਫ਼ਿਰੋਜ਼ਪੁਰੀਆ, ਪਰਵਿੰਦਰ ਕੁਮਾਰ ਅਤੇ ਪ੍ਰਦੀਪ ਰਾਣਾ ਕੋ ਚੇਅਰਮੈਨ ਨੇ ਕਿਹਾ ਕਿ ਸੂਬੇ ਭਰ ਵਿਚ ਪੈ ਰਹੀ ਹੱਡ—ਚੀਰਵੀਂ ਠੰਡ ਬੱਚਿਆਂ ਲਈ ਬਹੁਤ ਨੁਕਸਾਨਦਾਇਕ ਹੈ, ਜਿਸ ਨੂੰ ਧਿਆਨ ਵਿਚ ਰੱਖਦੇ ਹੋਏ ਪੈ ਰਹੀ ਸੰਘਨੀ ਧੁੰਦ ਦੇ ਚਲਦਿਆਂ ਪੰਜਾਬ ਦੇ ਸਾਰੇ ਸਕੂਲਾਂ ਵਿਚ ਛੁੱਟੀਆਂ ਕਰ ਦੇਣੀਆਂ ਚਾਹੀਦੀਆਂ ਹਨ ਤਾਂ ਜ਼ੋ ਕਿਸੇ ਤਰ੍ਹਾਂ ਦੀ ਅਣਹੋਣੀ ਤੋਂ ਬਚਾਓ ਰਹਿ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

## ਰੋਟਰੀ ਕਲੱਬ ਨੇ ਬੇਸਹਾਰਾ ਗਾਵਾਂ ਨੂੰ ਖੁਆਇਆ ਗੁੜ



ਫ਼ਿਰੋਜ਼ਪੁਰ, 14 ਜਨਵਰੀ (ਮਨੋਹਰ ਲਾਲ) :— ਬਿਨਾਂ ਸਵਾਰਥ ਬੇਸਹਾਰਾ ਗਾਵਾਂ ਨੂੰ ਗੁੜ ਖੁਆਉਣਾ ਇਕ ਪੁੰਨ ਦਾ ਕੰਮ ਹੈ ਜੋ ਧਾਰਮਿਕ, ਜੋਤਿਸ਼ ਤੇ ਸਮਾਜਿਕ ਪੱਖੋਂ ਉਤਮ ਮੰਨਿਆ ਜਾਂਦਾ ਹੈ ਅਤੇ ਇਸ ਨਾਲ ਮਨੁੱਖ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ, ਜਿਸ ਨਾਲ ਗਾਵਾਂ ਨੂੰ ਵਧੇਰੇ ਊਰਜਾ ਮਿਲਦੀ ਹੈ। ਇਹ ਪੁੰਨ ਦਾ ਕੰਮ ਪੋਹ ਮਾਘ ਦੇ ਮਹੀਨਿਆਂ ਵਿੱਚ ਖਾਸ ਤੌਰ ਤੇ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇਸੇ ਮਹੱਤਵਪੂਰਨ ਦਿਨ ਨੂੰ ਮੁੱਖ ਰੱਖਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰੋਟਰੀ ਕਲੱਬ ਫਿਰੋਜਪੁਰ ਨੇ ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਅਗਵਾਈ ਹੇਠ ਸ਼ਹਿਰ ਦੇ ਵੱਖ—ਵੱਖ ਖੇਤਰਾਂ ਵਿੱਚ ਬਣੇ ਗਊਸ਼ਾਲਾਵਾ ਵਿੱਚ ਆਪਣੀ ਟੀਮ ਨਾਲ ਗੁੜ ਦੀ ਸੇਵਾ ਕੀਤੀ। ਰੋਟੇਰੀਅਨ ਪਰਦੀਪ ਬਿੰਦਰਾ, ਦਿਨੇਸ਼ ਕਟਾਰੀਆ, ਰਕੇਸ਼ ਮੋਂਗਾ, ਰਕੇਸ਼ ਚਾਵਲਾ, ਡਾਕਟਰ ਸੁਰਿੰਦਰ ਸਿੰਘ ਕਪੂਰ, ਸੰਦੀਪ ਸਿੰਗਲਾਂ, ਮਨਦੀਪ ਸਿੰਘ, ਹਰਦੀਪ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਪ੍ਰੋਜੇਕਟ ਚੇਅਰਮੈਨ ਰਕੇਸ਼ ਮੋਂਗਾ ਨੇ ਦੱਸਿਆ ਰੋਟਰੀ ਕਲੱਬ ਫਿਰੋਜਪੁਰ ਇਸੇ ਤਰ੍ਹਾਂ ਦੇ ਧਾਰਮਿਕ ਅਤੇ ਸਮਾਜਿਕ ਕਾਰਜ ਜਾਰੀ ਰੱਖੇਗਾ।




# ਕੀ ਭਾਰਤ ਲਈ ਤਿੰਨ ਕੁਰਸੀਆਂ ’ਤੇ ਇਕੱਠੇ ਬੈਠ ਸਕਣਾ ਸੰਭਵ ਹੈ ?

**ਇੱਕਵੀਹਵੀਂ** ਸਦੀ ਦੇ ਤੀਜੇ ਦਹਾਕੇ ਤੱਕ ਪਹੁੰਚਦਿਆਂ ਭਾਰਤ ਦੀ ਵਿਦੇਸ਼ ਨੀਤੀ ਇੱਕ ਅਜਿਹੇ ਦੌਰ ਵਿੱਚ ਦਾਖ਼ਲ ਹੋ ਚੁੱਕੀ ਹੈ, ਜਿੱਥੇ ਚੁੱਪ ਵੀ ਇੱਕ ਬਿਆਨ ਹੈ ਅਤੇ ਹਰ ਕਦਮ ਦੇ ਕਈ ਅਰਥ ਕੱਢੇ ਜਾਂਦੇ ਹਨ। ਵਿਸ਼ਵ ਰਾਜਨੀਤੀ ਦੇ ਇਸ ਨਵੇਂ ਦੌਰ ਵਿੱਚ ਭਾਰਤ ਨਾ ਤਾਂ ਪੂਰੀ ਤਰ੍ਹਾਂ ਕਿਸੇ ਇੱਕ ਧੁਰੇ ਦਾ ਸਾਥੀ ਹੈ ਅਤੇ ਨਾ ਹੀ ਪੁਰਾਣੇ ਸਮਿਆਂ ਦੀ ਤਰ੍ਹਾਂ “ਗੈਰ–ਜੁੜਾਅ” ਦੀ ਸੁਰੱਖਿਅਤ ਛਾਂ ਹੇਠ ਬੇਫ਼ਿਕਰ ਖੜ੍ਹ ਸਕਦਾ ਹੈ। ਅਮਰੀਕਾ–ਚੀਨ ਮੁਕਾਬਲੇ, ਰੂਸ ਦੀ ਅਲੱਗ ਹੋ ਰਹੀ ਸਥਿਤੀ ਅਤੇ ਗਲੋਬਲ ਸਾਊਥ ਦੀ ਨਵੀਂ ਚੇਤਨਾ ਦੇ ਵਿਚਕਾਰ ਭਾਰਤ ਆਪਣੇ ਆਪ ਨੂੰ ਤਿੰਨ ਵੱਖ–ਵੱਖ ਗਠਜੋੜਾਂ—ਗੈਰ ਗਠਜੋੜ ਮੂਵਮੈਂਟ, ਬਰਿਕਸ ਅਤੇ ਕਵਾਡ—ਦੇ ਚੌਰਾਹੇ ’ਤੇ ਖੜ੍ਹਾ ਪਾਉਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਵਾਲ ਇਹ ਨਹੀਂ ਕਿ ਭਾਰਤ ਕੋਲ ਵਿਕਲਪ ਨਹੀਂ ਹਨ। ਅਸਲ ਸਵਾਲ ਇਹ ਹੈ ਕਿ ਕੀ ਭਾਰਤ ਲੰਬੇ ਸਮੇਂ ਤੱਕ ਇਹ ਨੀਤੀ ਜਾਰੀ ਰੱਖ ਸਕਦਾ ਹੈ ਕਿ “ਹਰ ਕਿਸੇ ਨਾਲ ਰਿਸ਼ਤੇ, ਪਰ ਕਿਸੇ ਨਾਲ ਪੂਰੀ ਤਰ੍ਹਾਂ ਨਹੀਂ” ? ਇਤਿਹਾਸ ਦੱਸਦਾ ਹੈ ਕਿ ਅਜਿਹੀ ਨੀਤੀ ਛੋਟੇ ਸਮੇਂ ਲਈ ਲਾਭਦਾਇਕ ਹੋ ਸਕਦੀ ਹੈ, ਪਰ ਜਦੋਂ ਵਿਸ਼ਵ ਰਾਜਨੀਤੀ ਤਿੱਖੀ ਟਕਰਾਅ ਵਾਲੇ ਦੌਰ ਵਿੱਚ ਦਾਖ਼ਲ ਹੋਵੇ, ਤਾਂ ਅਸਪਸ਼ਟਤਾ ਖੁਦ ਇੱਕ ਕਮਜ਼ੋਰੀ ਬਣ ਜਾਂਦੀ ਹੈ।

ਗੈਰ ਗਠਜੋੜ ਮੂਵਮੈਂਟ ਆਜ਼ਾਦੀ ਬਾਅਦ ਦੀ ਲਾਜ਼ਮੀ ਰਣਨੀਤੀ ਸੀ ਜੋਂ ਅਪਣਾਈ ਗਈ। ਨਾਨ–ਅਲਾਇਨਡ ਮੂਵਮੈਂਟ (NAM) ਦੀ ਸ਼ੁਰੂਆਤ 1961 ਵਿੱਚ ਬੇਲਗ੍ਰੇਡ ਵਿੱਚ ਹੋਈ ਸੀ। ਉਸ ਸਮੇਂ ਦੁਨੀਆ ਦੋ ਸਪਸ਼ਟ ਧੁਰਿਆਂ—ਅਮਰੀਕਾ ਅਤੇ ਸੋਵੀਅਤ ਯੂਨੀਅਨ—ਵਿੱਚ ਵੰਡੀ ਹੋਈ ਸੀ। ਜਵਾਹਰ ਲਾਲ ਨੇਹਰੂ, ਯੂਗੋਸਲਾਵੀਆ ਦੇ ਜੋਸਿਪ ਟੀਟੋ, ਮਿਸਰ ਦੇ ਗਮਾਲ ਅਬਦੁਲ ਨਾਸਰ ਅਤੇ ਇੰਡੋਨੇਸ਼ੀਆ ਦੇ ਸੁਕਾਰਨੋ ਵਰਗੇ ਨੇਤਾਵਾਂ ਲਈ ਗੈਰ–ਜੁੜਾਅ ਕੋਈ ਆਦਰਸ਼ਵਾਦੀ ਖ਼ਿਆਲ ਨਹੀਂ, ਸਗੋਂ ਇੱਕ ਵਿਹਾਰਕ ਜ਼ਰੂਰਤ ਸੀ। ਨਵੇਂ ਆਜ਼ਾਦ ਹੋਏ ਦੇਸ਼ਾਂ ਕੋਲ ਨਾ ਆਰਥਿਕ ਤਾਕਤ ਸੀ, ਨਾ ਸੈਨਾ ਦੀ ਤਾਕਤ ਅਤੇ ਨਾ ਹੀ ਇਹ ਤਾਕਤ ਕਿ ਉਹ ਕਿਸੇ ਮਹਾਤਾਕਤ ਦੇ ਗੁੱਸੇ ਦਾ ਸਾਹਮਣਾ ਕਰ ਸਕਣ।

1960 ਅਤੇ 1970 ਦੇ ਦਹਾਕਿਆਂ ਵਿੱਚ ਨਾਨ–ਅਲਾਇਨ ਮੂਵਮੈਂਟ ਇੱਕ ਪ੍ਰਭਾਵਸ਼ਾਲੀ ਮੰਚ ਬਣ ਕੇ ਉਭਰੀ। ਇਸ ਦੇ ਮੈਂਬਰ ਦੇਸ਼ਾਂ ਦੀ ਗਿਣਤੀ 25 ਤੋਂ ਵੱਧ ਕੇ 120 ਤੋਂ ਵੀ ਉਪਰ ਪਹੁੰਚ ਗਈ। ਸੰਯੁਕਤ ਰਾਸ਼ਟਰ ਵਿੱਚ NAM ਦੇਸ਼ਾਂ ਦੀ ਗਿਣਤੀ ਇੰਨੀ ਹੋ ਗਈ ਕਿ ਉਹ ਕਈ ਮਸਲਿਆਂ ’ਤੇ ਇਕੱਠੇ ਹੋ ਕੇ ਪ੍ਰਭਾਵ ਪਾ ਸਕਦੇ ਸਨ। ਭਾਰਤ ਲਈ ਇਹ ਮੰਚ ਸਿਰਫ਼ ਵਿਦੇਸ਼ ਨੀਤੀ ਨਹੀਂ, ਸਗੋਂ ਇੱਕ ਨੈਤਿਕ ਪਛਾਣ ਸੀ—ਇਹ ਉਪਨਿਵੇਸ਼ਵਾਦ ਵਿਰੋਧ, ਸ਼ਾਂਤੀਪੂਰਨ , ਸਹਿਹੋਂਦ ਅਤੇ ਤੀਜੇ ਵਿਸ਼ਵ ਦੀ ਆਵਾਜ਼ ਸੀ ।

ਪਰ 1991 ਵਿੱਚ ਸੋਵੀਅਤ ਯੂਨੀਅਨ ਦੇ ਟੁਕੜੇ ਹੋਣ ਨਾਲ ਕੋਲਡ ਵਾਰ ਦਾ ਦੌਰ ਖ਼ਤਮ ਹੋ ਗਿਆ। ਦੁਨੀਆ ਦੋ ਧੁਰਿਆਂ ਤੋਂ ਨਿਕਲ ਕੇ ਇੱਕ ਅਮਰੀਕੀ ਕੇਂਦਰਿਤ ਪ੍ਰਣਾਲੀ ਵੱਲ ਵਧੀ। ਇੱਥੋਂ NAM ਦੀ ਅਹਿਮੀਅਤ ਹੌਲੀ–ਹੌਲੀ ਘਟਣ ਲੱਗੀ। ਅੱਜ, ਜਦੋਂ ਦੁਨੀਆ ਬਹੁ–ਧੁਰਾ ਬਣ ਰਹੀ ਹੈ, ਗੈਰ ਗਠਜੋੜ ਮੂਵਮੈਂਟ ਮੁੜ ਚਰਚਾ ਵਿੱਚ ਹੈ, ਪਰ ਇੱਕ ਨਵੇਂ ਰੂਪ ਵਿੱਚ। ਹੁਣ ਗੈਰ–ਜੁੜਾਅ ਦਾ ਅਰਥ ਕਿਸੇ ਨਾਲ ਨਾ ਜੁੜਨਾ ਨਹੀਂ, ਸਗੋਂ ਆਪਣੇ ਹਿਤਾਂ ਅਨੁਸਾਰ ਜੁੜਾਅ ਚੁਣਨਾ ਹੈ।

**ਬਰਿਕਸ ਗਲੋਬਲ ਸਾਊਥ ਦੀ ਆਸ ਜਾਂ ਚੀਨ ਦੀ ਛਾਂ ? ਇਹ ਵੱਡਾ ਸੁਆਲ ਹੈ।**

ਬਰਿਕਸ ਦੀ ਸ਼ੁਰੂਆਤ 2009 ਵਿੱਚ ਹੋਈ, ਜਦੋਂ ਬਰਾਜ਼ੀਲ, ਰੂਸ, ਭਾਰਤ ਅਤੇ ਚੀਨ ਨੇ ਇੱਕ ਗੈਰ–ਰਸਮੀ ਗਠਜੋੜ ਬਣਾਇਆ। 2010 ਵਿੱਚ ਦੱਖਣੀ ਅਫਰੀਕਾ ਦੇ ਸ਼ਾਮਲ ਹੋਣ ਨਾਲ ਇਹ BRICS ਬਣ ਗਿਆ। ਸ਼ੁਰੂ ਵਿੱਚ ਇਹ ਇੱਕ ਆਰਥਿਕ ਧਾਰਨਾ ਸੀ—ਉਹ ਉਭਰਦੀਆਂ ਅਰਥਵਿਵਸਥਾਵਾਂ, ਜੋ ਪੱਛਮੀ ਸੰਸਥਾਵਾਂ ਜਿਵੇਂ ਆਈਐੱਮਐੱਫ਼ ਅਤੇ ਵਿਸ਼ਵ ਬੈਂਕ ਵਿੱਚ ਆਪਣੀ ਆਵਾਜ਼ ਵਧਾਉਣਾ ਚਾਹੁੰਦੀਆਂ ਸਨ।

ਅੱਜ ਬਰਿਕਸ ਦੇਸ਼ਾਂ ਦੇ ਕੁਝ ਅਹਿਮ ਅੰਕੜੇ ਧਿਆਨ ਯੋਗ ਹਨ। ਇਹ ਗਠਜੋੜ ਦੁਨੀਆ ਦੀ ਲਗਭਗ 42 ਫੀਸਦੀ ਆਬਾਦੀ ਦੀ ਅਗਵਾਈ ਕਰਦਾ ਹੈ। ਖ਼ਰੀਦ ਸ਼ਕਤੀ ਪਹੁੰਚ (PPP) ਦੇ ਅਧਾਰ ’ਤੇ ਗਲੋਬਲ GDP ਦਾ 35 ਫੀਸਦੀ ਤੋਂ ਵੱਧ ਹਿੱਸਾ ਬਰਿਕਸ ਦੇਸ਼ਾਂ ਕੋਲ ਹੈ। ਇਹ ਅੰਕੜੇ ਆਪਣੇ ਆਪ ਵਿੱਚ ਦਰਸਾਉਂਦੇ ਹਨ ਕਿ ਵਿਸ਼ਵ ਆਰਥਿਕ ਸੰਤੁਲਨ ਹੌਲੀ–ਹੌਲੀ ਪੱਛਮ ਤੋਂ ਦੱਖਣ ਵੱਲ ਸਰਕ ਰਿਹਾ ਹੈ।

ਪਰ ਇਸ ਤਸਵੀਰ ਦਾ ਦੂਜਾ ਪਾਸਾ ਵੀ ਹੈ। ਬਰਿਕਸ ਦੇ ਅੰਦਰ ਚੀਨ ਦੀ ਅਰਥਵਿਵਸਥਾ ਬਾਕੀ ਸਾਰੇ ਮੈਂਬਰਾਂ ਤੋਂ ਕਈ ਗੁਣਾ ਵੱਡੀ ਹੈ। ਜਿੱਥੇ ਚੀਨ ਦਾ ਨਾਮਾਤਰ GDP ਲਗਭਗ 18 ਟ੍ਰਿਲੀਅਨ ਡਾਲਰ ਹੈ, ਉੱਥੇ ਭਾਰਤ ਦਾ GDP ਕਰੀਬ 3.5 ਟ੍ਰਿਲੀਅਨ ਡਾਲਰ ਹੈ। ਰੂਸ, ਬਰਾਜ਼ੀਲ ਅਤੇ ਦੱਖਣੀ ਅਫਰੀਕਾ ਇਸ ਤੋਂ ਵੀ ਪਿੱਛੇ ਹਨ। ਇਹ ਅਸਮਾਨਤਾ ਬਰਿਕਸ ਦੇ ਅੰਦਰ ਤਾਕਤ ਦੇ ਸੰਤੁਲਨ ਨੂੰ ਚੀਨ ਵੱਲ ਝੁਕਾਉਂਦੀ ਹੈ।

ਲਦਾਖ ਦਾ ਸੱਚ ਦੇਖਣ ਤੇ ਬਰਿਕਸ ਦਾ ਦੋਹਰਾਪਨ ਪਾਇਆਂ ਗਿਆ।

ਜੂਨ 2020 ਵਿੱਚ ਗਲਵਾਨ ਘਾਟੀ ਵਿੱਚ ਭਾਰਤ ਅਤੇ ਚੀਨ ਦੇ ਸੈਨਿਕਾਂ ਵਿਚਾਲੇ ਹੋਈ ਹਿੰਸਕ ਝੜਪ ਵਿੱਚ 20 ਭਾਰਤੀ ਸੈਨਿਕ ਸ਼ਹੀਦ ਹੋਏ। ਇਹ ਘਟਨਾ ਇੱਕ ਕੜਵਾ ਸੱਚ ਸਾਹਮਣੇ ਲਿਆਉਂਦੀ ਹੈ—ਆਰਥਿਕ ਗਠਜੋੜ ਅਤੇ ਸਾਂਝੇ ਮੰਚ ਸੁਰੱਖਿਆ ਸੰਬੰਧੀ ਟਕਰਾਅ ਨੂੰ ਆਪਣੇ ਆਪ ਨਹੀਂ ਰੋਕ ਸਕਦੇ। ਉਸ ਸਮੇਂ ਭਾਰਤ ਅਤੇ ਚੀਨ ਦੋਵੇਂ ਬਰਿਕਸ ਦੇ ਮੈਂਬਰ ਸਨ, ਪਰ ਇਹ ਮੈਂਬਰਸ਼ਿਪ ਸਰਹੱਦੀ ਤਣਾਅ ਨੂੰ ਘਟਾ ਨਾ ਸਕੀ।

ਫਿਰ ਵੀ ਭਾਰਤ ਬਰਿਕਸ ਨੂੰ ਛੱਡਣ ਦੀ ਸਥਿਤੀ ਵਿੱਚ ਨਹੀਂ ਹੈ। ਨਿਊ ਡਿਵੈਲਪਮੈਂਟ ਬੈਂਕ ਵਰਗੀਆਂ ਸੰਸਥਾਵਾਂ ਰਾਹੀਂ ਵਿਕਾਸੀ ਫੰਡ, ਡਾਲਰ ਤੋਂ ਇਲਾਵਾ ਵਪਾਰਕ ਵਿਕਲਪ ਅਤੇ ਗਲੋਬਲ ਸਾਊਥ ਵਿੱਚ ਅਗਵਾਈ ਦੀ ਦਾਅਵੇਦਾਰੀ—ਇਹ ਸਭ ਭਾਰਤ ਲਈ ਮਹੱਤਵਪੂਰਨ ਹਨ। ਬਰਿਕਸ ਭਾਰਤ ਨੂੰ ਇਹ ਵੀ ਮੌਕਾ ਦਿੰਦਾ ਹੈ ਕਿ ਉਹ ਪੱਛਮੀ ਧੁਰੇ ਤੋਂ ਇਲਾਵਾ ਵੀ ਇੱਕ ਵੱਖਰੀ ਪਛਾਣ ਬਰਕਰਾਰ ਰੱਖ ਸਕੇ।

ਦੂਜੇ ਪਾਸੇ ਕਵਾਡ ਦੀ ਗੱਲ ਕਰੀਏ ਤਾਂ ਇਹ ਸੁਰੱਖਿਆ ਦੀ ਲੋੜ ਹੈ ਜਾਂ ਅਮਰੀਕੀ ਰਣਨੀਤੀ ਦਾ ਹਿੱਸਾ ਹੈ ? ਕਵਾਡ—ਭਾਰਤ, ਅਮਰੀਕਾ, ਜਪਾਨ ਅਤੇ ਆਸਟ੍ਰੇਲੀਆ—ਦੀ ਸ਼ੁਰੂਆਤ 2007 ਵਿੱਚ ਹੋਈ ਸੀ, ਪਰ ਇਸ ਨੂੰ ਅਸਲ ਗਤੀ 2017 ਤੋਂ ਬਾਅਦ ਮਿਲੀ। “ਆਜ਼ਾਦ ਅਤੇ ਖੁੱਲ੍ਹਾ ਇੰਡੋ–ਪੈਸਿਫਿਕ” ਕਵਾਡ ਦਾ ਕੇਂਦਰੀ ਨਾਅਰਾ ਹੈ, ਪਰ ਇਸ ਦੇ ਪਿੱਛੇ ਦੀ ਚਿੰਤਾ ਸਪਸ਼ਟ ਹੈ—ਚੀਨ ਦੀ ਵਧ ਰਹੀ ਸਮੁੰਦਰੀ ਅਤੇ ਰਣਨੀਤਕ ਤਾਕਤ। ਕਵਾਡ ਦੇ ਚਾਰ ਦੇਸ਼ਾਂ ਦਾ ਮਿਲੀ–ਜੁਲੀ ਸੈਨਾ ਖ਼ਰਚ ਲਗਭਗ 1.5 ਟ੍ਰਿਲੀਅਨ ਡਾਲਰ ਦੇ ਨੇੜੇ ਹੈ, ਜਿਸ ਵਿੱਚੋਂ 60 ਫੀਸਦੀ ਤੋਂ ਵੱਧ ਹਿੱਸਾ ਅਮਰੀਕਾ ਦਾ ਹੈ। ਭਾਰਤ ਲਈ ਕਵਾਡ ਦਾ ਅਰਥ ਹੈ—ਮਾਲਾਬਾਰ ਨੇਵਲ ਅਭਿਆਸ, ਖ਼ੁਫ਼ੀਆ ਜਾਣਕਾਰੀ ਦੀ ਸਾਂਝ, ਅਤੇ ਉੱਚ ਤਕਨਾਲੋਜੀ ਵਿੱਚ ਸਹਿਯੋਗ। ਹਿੰਦ ਮਹਾਂਸਾਗਰ ਅਤੇ ਪੱਛਮੀ ਪ੍ਰਸ਼ਾਂਤ ਖੇਤਰ ਵਿੱਚ ਚੀਨ ਦੀ ਸਰਗਰਮੀ ਦੇ ਮੱਦੇਨਜ਼ਰ, ਇਹ ਸਹਿਯੋਗ ਭਾਰਤ ਲਈ ਅਹਿਮ ਹੈ।

ਪਰ ਕਵਾਡ ਦੀ ਆਪਣੀ ਕੀਮਤ ਵੀ ਹੈ। ਇਸ ਗਠਜੋੜ ਨਾਲ ਜੁੜਾਅ ਭਾਰਤ ਨੂੰ ਅਮਰੀਕੀ ਰਣਨੀਤੀ ਦੇ ਹੋਰ ਨੇੜੇ ਲਿਆਉਂਦਾ ਹੈ। ਤਾਈਵਾਨ ਜਾਂ ਦੱਖਣੀ ਚੀਨ ਸਮੁੰਦਰ ਵਿੱਚ ਵਧਦਾ ਟਕਰਾਅ ਅਜਿਹੀ ਸਥਿਤੀ ਪੈਦਾ ਕਰ ਸਕਦਾ ਹੈ, ਜਿੱਥੇ ਭਾਰਤ ਨੂੰ ਆਪਣੇ ਭੂਗੋਲਿਕ ਹਿਤਾਂ ਤੋਂ ਦੂਰ ਦੇ ਸੰਘਰਸ਼ਾਂ ਵਿੱਚ ਖਿੱਚਿਆ ਜਾ ਸਕੇ। ਇਹੀ ਉਹ ਡਰ ਹੈ, ਜੋ ਭਾਰਤ ਨੂੰ ਕਵਾਡ ਨੂੰ ਇੱਕ ਫੌਜੀ ਗਠਜੋੜ ਮੰਨਣ ਤੋਂ ਰੋਕਦਾ ਹੈ।

ਰੂਸ-ਯੂਕਰੇਨ ਜੰਗ ਸਟ੍ਰੈਟਜਿਕ ਆਟੋਨੋਮੀ ਦੀ ਅਸਲੀ ਕਸੌਟੀ ਕਿਵੇਂ ਹੈ ?

ਫਰਵਰੀ 2022 ਵਿੱਚ ਸ਼ੁਰੂ ਹੋਈ ਰੂਸ-ਯੂਕਰੇਨ ਜੰਗ ਭਾਰਤ ਦੀ ਵਿਦੇਸ਼ ਨੀਤੀ ਲਈ ਇੱਕ ਵੱਡੀ ਪਰੀਖਿਆ ਬਣ ਕੇ ਆਈ। ਇੱਕ ਪਾਸੇ ਅਮਰੀਕਾ ਅਤੇ ਯੂਰਪ ਦਾ ਦਬਾਅ ਸੀ ਕਿ ਭਾਰਤ ਰੂਸ ਦੀ ਨਿੰਦਾ ਕਰੇ। ਦੂਜੇ ਪਾਸੇ ਰੂਸ ਭਾਰਤ ਦਾ ਪੁਰਾਣਾ ਸੈਨਾ ਅਤੇ ਊਰਜਾ ਸਾਥੀ ਹੈ।

ਭਾਰਤ ਨੇ ਸੰਯੁਕਤ ਰਾਸ਼ਟਰ ਵਿੱਚ ਰੂਸ ਦੇ ਖ਼ਿਲਾਫ਼ ਮਤਾ ਪ੍ਰਸਤਾਵਾਂ ’ਤੇ ਵੋਟਿੰਗ ਤੋਂ ਪਰਹੇਜ਼ ਕੀਤਾ। ਇਸਦੇ ਨਾਲ ਹੀ ਭਾਰਤ ਨੇ ਰੂਸ ਤੋਂ ਸਸਤਾ ਤੇਲ ਖਰੀਦਣਾ ਜਾਰੀ ਰੱਖਿਆ। 2023 ਤੱਕ ਭਾਰਤ ਦੀ ਤੇਲ ਆਯਾਤ ਵਿੱਚ ਰੂਸੀ ਤੇਲ ਦਾ ਹਿੱਸਾ 2 ਫੀਸਦੀ ਤੋਂ ਵੱਧ ਕੇ ਲਗਭਗ 30 ਫੀਸਦੀ ਹੋ ਗਿਆ। ਇਹ ਨੀਤੀ ਆਰਥਿਕ ਤੌਰ ’ਤੇ ਭਾਰਤ ਲਈ ਲਾਭਦਾਇਕ ਸੀ, ਪਰ ਰਾਜਨੀਤਕ ਤੌਰ ’ਤੇ ਇਸ ਨੇ ਇਹ ਸਵਾਲ ਖੜ੍ਹਾ ਕੀਤਾ ਕਿ ਭਾਰਤ ਆਖ਼ਿਰ ਕਿਸ ਪਾਸੇ ਖੜ੍ਹਾ ਹੈ ?

ਇਹੀ “ਸਟ੍ਰੈਟਜਿਕ ਆਟੋਨੋਮੀ” ਦਾ ਮੂਲ ਹੈ—ਹਿਤ ਪਹਿਲਾਂ, ਧੁਰੇ ਬਾਅਦ ਵਿੱਚ। ਪਰ ਇਹ ਨੀਤੀ ਜਿੰਨੀ ਦਿਲਚਸਪ ਹੈ, ਉਨੀ ਹੀ ਵਿਵਾਦਿਤ ਵੀ।

ਤਿੰਨ ਕੁਰਸੀਆਂ ’ਤੇ ਬੈਠਣ ਦੀ ਹੱਦ ਦੁ ਗੱਲ ਕਰੀਏ ਤਾਂ ਭਾਰਤ ਅੱਜ ਅਮਰੀਕਾ, ਚੀਨ ਅਤੇ ਰੂਸ—ਤਿੰਨਾਂ ਦੀਆਂ ਉਮੀਦਾਂ ਦੇ ਵਿਚਕਾਰ ਫਸਿਆ ਹੋਇਆ ਹੈ। ਅਮਰੀਕਾ ਭਾਰਤ ਨੂੰ ਚੀਨ ਦੇ ਖ਼ਿਲਾਫ਼ ਇੱਕ ਸਪਸ਼ਟ ਅਤੇ ਭਰੋਸੇਯੋਗ ਸਾਥੀ ਵਜੋਂ ਦੇਖਣਾ ਚਾਹੁੰਦਾ ਹੈ। ਚੀਨ ਚਾਹੁੰਦਾ ਹੈ ਕਿ ਭਾਰਤ ਪੱਛਮੀ ਗਠਜੋੜਾਂ ਤੋਂ ਦੂਰ ਰਹੇ। ਰੂਸ ਅਜੇ ਵੀ ਭਾਰਤ ਨੂੰ ਆਪਣੇ ਪੁਰਾਣੇ ਮਿੱਤਰ ਵਜੋਂ ਵੇਖਦਾ ਹੈ।

ਇਹ ਤਿੰਨ ਉਮੀਦਾਂ ਇਕੱਠੇ ਪੂਰੀਆਂ ਕਰਨਾ ਸੰਭਵ ਨਹੀਂ। ਇਤਿਹਾਸ ਗਵਾਹ ਹੈ ਕਿ ਕੋਈ ਵੀ ਰਾਸ਼ਟਰ ਲੰਬੇ ਸਮੇਂ ਤੱਕ ਹਰ ਧੁਰੇ ਨਾਲ ਅੱਧਾ–ਅੱਧਾ ਨਹੀਂ ਚੱਲ ਸਕਦਾ। ਅਖ਼ਿਰਕਾਰ ਸਪਸ਼ਟਤਾ ਦੀ ਮੰਗ ਉੱਭਰਦੀ ਹੈ।

ਦੇ ਨਤੀਜੇ ਦੀ ਗੱਲ ਕਰੀਏ ਤਾਂ ਚੋਣ ਟਾਲੀ ਜਾ ਸਕਦੀ ਹੈ, ਪਰ ਟਾਲੀ ਨਹੀਂ ਰਹਿ ਸਕਦੀ। ਭਾਰਤ ਅਜੇ ਚੋਣ ਨੂੰ ਟਾਲ ਰਿਹਾ ਹੈ—ਸ਼ਾਇਦ ਸੋਚ-ਸਮਝ ਕੇ, ਸ਼ਾਇਦ ਮਜ਼ਬੂਰੀ ਵਿੱਚ। ਪਰ ਵਿਸ਼ਵ ਰਾਜਨੀਤੀ ਦਾ ਰੁਝਾਨ ਦੱਸਦਾ ਹੈ ਕਿ ਇਹ ਟਾਲਮਟੋਲ ਸਦੀਵੀ ਨਹੀਂ ਹੋ ਸਕਦੀ। ਨਾਨ–ਅਲਾਇਨਡ ਮੂਵਮੈਂਟ ਹੁਣ ਇੱਕ ਨਾਅਰਾ ਨਹੀਂ, ਸਗੋਂ ਇੱਕ ਨਵੀਂ ਵਿਆਖਿਆ ਮੰਗਦਾ ਹੈ—ਜਿੱਥੇ ਆਤਮਨਿਰਭਰਤਾ, ਆਰਥਿਕ ਤਾਕਤ ਅਤੇ ਤਕਨਾਲੋਜੀਕਲ ਸਮਰੱਥਾ ਕੇਂਦਰ ਵਿੱਚ ਹੋਣ। ਅਸਲ ਗੱਲ ਇਹ ਹੈ ਕਿ ਭਾਰਤ ਦੀ ਸਭ ਤੋਂ ਵੱਡੀ ਤਾਕਤ ਕੋਈ ਗਠਜੋੜ ਨਹੀਂ, ਸਗੋਂ ਉਸਦੀ ਆਪਣੀ ਅੰਦਰੂਨੀ ਮਜ਼ਬੂਤੀ ਹੈ। ਜੇ ਭਾਰਤ ਆਰਥਿਕ, ਸਮਾਜਿਕ ਅਤੇ ਤਕਨਾਲੋਜੀਕਲ ਤੌਰ ’ਤੇ ਮਜ਼ਬੂਤ ਹੋਵੇਗਾ, ਤਾਂ ਗਠਜੋੜ ਉਸਦੇ ਹਿਤਾਂ ਦੇ ਅਨੁਸਾਰ ।

ਦੁਨੀਆਂ ਦੀ ਰਾਜਨੀਤੀ ਵਿੱਚ ਹਰ ਕਿਸੇ ਨਾਲ ਦੋਸਤੀ ਇੱਕ ਸੁੰਦਰ ਸੁਪਨਾ ਹੈ। ਪਰ ਇਤਿਹਾਸ ਦੱਸਦਾ ਹੈ ਕਿ ਆਖਿਰਕਾਰ ਰਾਸ਼ਟਰਾਂ ਨੂੰ ਚੋਣ ਕਰਨੀ ਪੈਂਦੀ ਹੈ।

ਭਾਰਤ ਵੀ ਇਸ ਕਸੌਟੀ ਤੋਂ ਬਚ ਨਹੀਂ ਸਕੇਗਾ—ਸਵਾਲ ਸਿਰਫ਼ ਇਹ ਹੈ ਕਿ ਉਹ ਚੋਣ ਕਦੋਂ ਅਤੇ ਕਿੰਨੀ ਤਿਆਰੀ ਨਾਲ ਕਰਦਾ ਹੈ।

**-ਜਗਤਾਰ ਲਾਡੀ ਮਾਨਸਾ**